HIGH STANDARD NEWS

# ਹਾਈ ਸਟੈਂਡਰਡ ਨਿਊਜ਼

HIGHSTANDARDNEWS

Date-16.02.24

www.hsnnews.in | PUNPUN/2024/86289 | President:-Sam dhillion | Email:info@hsnnews.in

Vol.11 | FEB-2024 | Published in Canada | Pages 8


## ਕੈਨੇਡਾ 'ਚ ਭਾਰਤੀਆਂ ਨੂੰ ਫਿਰੌਤੀ ਲਈ ਧਮਕੀ ਮਿਲਣ ਦਾ ਮਾਮਲਾ, ਪੁਲਸ ਨੇ ਬਣਾਈ ਜਾਂਚ ਟੀਮ




ਹਾਲ ਹੀ 'ਚ ਕੈਨੇਡਾ 'ਚ ਭਾਰਤੀ ਮੂਲ ਦੇ ਲੋਕਾਂ ਨੂੰ ਫਿਰੌਤੀ ਲਈ ਧਮਕੀ ਭਰੀ ਕਾਲ ਆਉਣ ਦਾ ਮਾਮਲਾ ਸਾਹਮਣੇ ਆਇਆ ਸੀ। ਹੁਣ ਖ਼ਬਰ ਆਈ ਹੈ ਕਿ ਕੈਨੇਡੀਅਨ ਪੁਲਸ ਨੇ ਰਾਸ਼ਟਰੀ ਪੱਧਰ ਦੀ ਟੀਮ ਬਣਾਈ ਹੈ, ਜੋ ਇਨ੍ਹਾਂ ਮਾਮਲਿਆਂ ਦੀ ਜਾਂਚ ਕਰੇਗੀ। ਰਾਇਲ ਕੈਨੇਡੀਅਨ ਮਾਊਂਟਿਡ ਪੁਲਸ ਦੀ ਨੈਸ਼ਨਲ ਕੋਆਰਡੀਨੇਸ਼ਨ ਅਤੇ ਸਪੋਰਟ ਟੀਮ ਬ੍ਰਿਟਿਸ਼ ਕੋਲੰਬੀਆ, ਓਂਟਾਰੀਓ ਅਤੇ ਅਲਬਰਟਾ ਰਾਜਾਂ ਦੀ ਪੁਲਸ ਨਾਲ ਇਨ੍ਹਾਂ ਘਟਨਾਵਾਂ ਦੀ ਜਾਂਚ ਕਰਨ ਲਈ ਕੰਮ ਕਰ ਰਹੀ ਹੈ। ਇਕੱਲੇ ਇਨ੍ਹਾਂ ਤਿੰਨਾਂ ਰਾਜਾਂ ਵਿਚ ਹੀ ਭਾਰਤੀ ਅਤੇ ਦੱਖਣੀ ਏਸ਼ੀਆਈ ਮੂਲ ਦੇ ਲੋਕਾਂ ਅਤੇ ਕਾਰੋਬਾਰਾਂ ਨੂੰ ਫਿਰੌਤੀ ਦੀਆਂ ਧਮਕੀਆਂ ਮਿਲਣ ਦੀਆਂ ਖ਼ਬਰਾਂ ਆਈਆਂ ਸਨ। ਕੈਨੇਡੀਅਨ ਪੁਲਸ ਦੇ ਇੱਕ ਉੱਚ ਅਧਿਕਾਰੀ ਨੇ ਕਿਹਾ ਕਿ ਜਾਂਚ ਟੀਮ ਧਮਕੀ ਭਰੀ ਫਿਰੌਤੀ ਦੀ ਕਾਲ ਦੇ ਪਿੱਛੇ ਦੇ ਮਕਸਦ ਦੀ ਜਾਂਚ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਮਾਮਲਾ ਸੰਗਠਿਤ ਅਪਰਾਧ ਨਾਲ ਸਬੰਧਤ ਹੈ। ਪਿਛਲੇ ਕੁਝ ਮਹੀਨਿਆਂ ਤੋਂ ਕੈਨੇਡਾ 'ਚ ਦੱਖਣੀ ਏਸ਼ੀਆਈ ਮੂਲ ਦੇ ਲੋਕਾਂ ਖਾਸ ਕਰਕੇ ਭਾਰਤੀ ਮੂਲ ਦੇ ਲੋਕਾਂ ਨੂੰ ਫਿਰੌਤੀ ਦੀ ਧਮਕੀ ਭਰੀ ਕਾਲ ਆਈ ਸੀ। ਇਸ ਸਬੰਧੀ ਕਈ ਸ਼ਿਕਾਇਤਾਂ ਦਰਜ ਕਰਵਾਈਆਂ ਗਈਆਂ ਸਨ। ਕੈਨੇਡਾ 'ਚ ਖਾਲਿਸਤਾਨੀ ਅੱਤਵਾਦੀ ਹਰਦੀਪ ਸਿੰਘ ਨਿੱਝਰ ਦੇ ਕਤਲ ਤੋਂ ਬਾਅਦ ਕੈਨੇਡਾ 'ਚ ਭਾਰਤੀ ਮੂਲ ਦੇ ਲੋਕਾਂ ਖਾਸ ਕਰਕੇ ਹਿੰਦੂਆਂ 'ਤੇ ਹਮਲੇ ਵੱਧ ਗਏ ਹਨ। ਕਈ ਹਿੰਦੂ ਮੰਦਰਾਂ ਨੂੰ ਵੀ ਨਿਸ਼ਾਨਾ ਬਣਾਇਆ ਗਿਆ ਹੈ।

ਭਾਰਤੀ ਮੂਲ ਦੇ ਕੁਝ ਲੋਕਾਂ ਦੇ ਘਰਾਂ 'ਤੇ ਗੋਲੀਬਾਰੀ ਦੀਆਂ ਘਟਨਾਵਾਂ ਵੀ ਵਾਪਰੀਆਂ। ਅਪਰਾਧੀਆਂ ਨੇ ਫੋਨ ਕਰਕੇ ਸੁਰੱਖਿਆ ਦੇ ਬਦਲੇ ਲੋਕਾਂ ਤੋਂ 20 ਲੱਖ ਡਾਲਰ ਦੀ ਫਿਰੌਤੀ ਮੰਗੀ ਸੀ। ਪਿਛਲੇ ਸਾਲ ਨਵੰਬਰ ਵਿੱਚ ਕੈਨੇਡੀਅਨ ਪੁਲਸ ਨੇ ਦਾਅਵਾ ਕੀਤਾ ਸੀ ਕਿ ਇਨ੍ਹਾਂ ਘਟਨਾਵਾਂ ਪਿੱਛੇ ਇੱਕ ਭਾਰਤੀ ਅਪਰਾਧੀ ਗਿਰੋਹ ਦਾ ਹੱਥ ਹੈ, ਜੋ ਕੈਨੇਡਾ ਵਿੱਚ ਦੱਖਣੀ ਏਸ਼ੀਆਈ ਮੂਲ ਦੇ ਲੋਕਾਂ ਨੂੰ ਨਿਸ਼ਾਨਾ ਬਣਾ ਰਿਹਾ ਹੈ। ਪਿਛਲੇ ਸਾਲ ਦਸੰਬਰ ਵਿੱਚ ਕੈਨੇਡਾ ਵਿੱਚ ਵੈਦਿਕ ਹਿੰਦੂ ਕਲਚਰਲ ਸੁਸਾਇਟੀ ਦੇ ਪ੍ਰਧਾਨ ਦੇ ਪੁੱਤਰ ਦੇ ਘਰ ਗੋਲੀਬਾਰੀ ਦੀ ਘਟਨਾ ਵਾਪਰੀ ਸੀ। ਕੈਨੇਡੀਅਨ ਪੁਲਸ ਨੇ ਇਸ ਮਾਮਲੇ ਵਿੱਚ ਦੋ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਸੀ। ਹਾਲਾਂਕਿ ਬਾਅਦ 'ਚ ਦੋਵਾਂ ਨੂੰ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ।

## ਫਾਈਰਿੰਗ 'ਚ ਗਈ ਮਾਪਿਆਂ ਦੀ ਜਾਨ, ਕੈਨੇਡਾ 'ਚ 13 ਗੋਲੀਆਂ ਲੱਗਣ ਮਗਰੋਂ ਜ਼ਿੰਦਾ ਬਚੀ ਕੁੜੀ ਨੇ ਸੁਣਾਈ ਹੱਡਬੀਤੀ



ਆਸਟ੍ਰੇਲੀਆ, ਕੈਨੇਡਾ ਅਤੇ ਨਿਊਜ਼ੀਲੈਂਡ ਨੇ ਗਾਜ਼ਾ ਵਿਚ ਤੁਰੰਤ ਮਨੁੱਖੀ ਤੌਰ 'ਤੇ ਜੰਗਬੰਦੀ ਦੀ ਮੰਗ ਕੀਤੀ ਹੈ। ਵੀਰਵਾਰ ਨੂੰ ਤਿੰਨਾਂ ਦੇਸ਼ਾਂ ਦੇ ਪ੍ਰਧਾਨ ਮੰਤਰੀਆਂ ਦੇ ਸਾਂਝੇ ਬਿਆਨ ਅਨੁਸਾਰ ਉਨ੍ਹਾਂ ਨੇ ਸੰਕੇਤਾਂ 'ਤੇ "ਗੰਭੀਰ ਚਿੰਤਾ" ਜ਼ਾਹਰ ਕੀਤੀ ਕਿ ਇਜ਼ਰਾਈਲ ਦੱਖਣੀ ਗਾਜ਼ਾ ਪੱਟੀ ਦੇ ਇੱਕ ਫਲਸਤੀਨੀ ਸ਼ਹਿਰ ਰਫਾਹ ਵਿੱਚ ਜ਼ਮੀਨੀ ਹਮਲੇ ਦੀ ਯੋਜਨਾ ਬਣਾ ਰਿਹਾ ਹੈ। ਬਿਆਨ ਵਿੱਚ ਕਿਹਾ ਗਿਆ ਕਿ ਰਫਾਹ ਵਿੱਚ ਇੱਕ ਫੌਜੀ ਕਾਰਵਾਈ ਵਿਨਾਸ਼ਕਾਰੀ ਹੋਵੇਗੀ, ਕਿਉਂਕਿ ਲਗਭਗ 15 ਲੱਖ ਫਲਸਤੀਨੀ ਖੇਤਰ ਵਿੱਚ ਸ਼ਰਨ ਲੈ ਰਹੇ ਹਨ। ਬਿਆਨ ਮੁਤਾਬਕ,"ਗਾਜ਼ਾ ਵਿੱਚ ਮਨੁੱਖਤਾਵਾਦੀ ਸਥਿਤੀ ਪਹਿਲਾਂ ਹੀ ਗੰਭੀਰ ਹੈ, ਵਿਸਤਾਰਿਤ ਫੌਜੀ ਕਾਰਵਾਈ ਦੇ ਫਲਸਤੀਨੀ ਨਾਗਰਿਕਾਂ 'ਤੇ ਪ੍ਰਭਾਵ ਵਿਨਾਸ਼ਕਾਰੀ ਹੋਣਗੇ।'' ਪ੍ਰਧਾਨ ਮੰਤਰੀਆਂ ਨੇ ਕਿਹਾ ਕਿ ਅਸੀਂ ਇਜ਼ਰਾਈਲੀ ਸਰਕਾਰ ਨੂੰ ਇਸ ਰਾਹ 'ਤੇ ਨਾ ਜਾਣ ਦੀ ਅਪੀਲ ਕਰਦੇ ਹਾਂ। ਨਾਗਰਿਕਾਂ ਲਈ ਜਾਣ ਲਈ ਹੋਰ ਕੋਈ ਥਾਂ ਵੀ ਨਹੀਂ ਹੈ”। ਬਿਆਨ ਮੁਤਾਬਕ,"ਇੱਕ ਤੁਰੰਤ ਮਾਨਵਤਾਵਾਦੀ ਜੰਗਬੰਦੀ ਦੀ ਤੁਰੰਤ ਲੋੜ ਹੈ।" ਇਸ ਨੇ ਜ਼ੋਰ ਦੇ ਕੇ ਕਿਹਾ ਕਿ ਇਜ਼ਰਾਈਲੀਆਂ ਅਤੇ ਫਲਸਤੀਨੀਆਂ ਲਈ ਸਥਾਈ ਸ਼ਾਂਤੀ ਸੁਰੱਖਿਅਤ ਕਰਨ ਲਈ ਇੱਕ ਸਥਾਈ ਜੰਗਬੰਦੀ ਜ਼ਰੂਰੀ ਹੈ।

# ਪੇਂਟ ਫੈਕਟਰੀ 'ਚ ਅੱਗ ਲੱਗਣ ਨਾਲ 11 ਲੋਕਾਂ ਦੀ ਮੌਤ, ਤਸਵੀਰਾਂ 'ਚ ਦੇਖੋ ਭਿਆਨਕ ਮੰਜਰ



ਨਵੀਂ ਦਿੱਲੀ (ਭਾਸ਼ਾ)- ਬਾਹਰੀ ਦਿੱਲੀ ਦੇ ਅਲੀਪੁਰ ਖੇਤਰ ਵਿਚ ਇਕ ਪੇਂਟ ਫੈਕਟਰੀ ਵਿਚ ਧਮਾਕੇ ਅਤੇ ਉਸ ਤੋਂ ਬਾਅਦ ਅੱਗ ਵਿਚ ਮਰਨ ਵਾਲਿਆਂ ਦੀ ਗਿਣਤੀ ਵਧ ਕੇ 11 ਹੋ ਗਈ ਹੈ, ਇਮਾਰਤ ਵਿਚੋਂ ਚਾਰ ਹੋਰ ਲਾਸ਼ਾਂ ਬਰਾਮਦ ਹੋਈਆਂ ਹਨ। ਪੁਲਸ ਨੇ ਸ਼ੁੱਕਰਵਾਰ ਨੂੰ ਇਹ ਜਾਣਕਾਰੀ ਦਿੱਤੀ। ਉਨ੍ਹਾਂ ਨੇ ਦੱਸਿਆ ਕਿ ਵੀਰਵਾਰ ਸ਼ਾਮ ਨੂੰ ਲੱਗੀ ਅੱਗ 'ਚ ਚਾਰ ਲੋਕ ਜ਼ਖਮੀ ਹੋ ਗਏ ਅਤੇ ਉਨ੍ਹਾਂ ਦਾ ਹਸਪਤਾਲ 'ਚ ਇਲਾਜ ਚੱਲ ਰਿਹਾ ਹੈ। ਦਿੱਲੀ ਫਾਇਰ ਸਰਵਿਸ (ਡੀਐੱਫਐੱਸ) ਦੇ ਇਕ ਅਧਿਕਾਰੀ ਨੇ ਦੱਸਿਆ ਕਿ ਅਲੀਪੁਰ ਦੇ ਦਿਆਲਪੁਰ ਬਾਜ਼ਾਰ ਵਿਚ ਸਥਿਤ ਫੈਕਟਰੀ 'ਚੋਂ 11 ਲੋਕਾਂ ਦੀਆਂ ਸੜੀਆਂ ਹੋਈਆਂ ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ। ਇਸ ਫੈਕਟਰੀ 'ਚ ਰਸਾਇਣਾਂ ਨੂੰ ਸਟੋਰ ਕਰਨ ਲਈ ਇਕ ਗੋਦਾਮ ਵੀ ਹੈ। ਧਮਾਕੇ ਤੋਂ ਬਾਅਦ ਫੈਕਟਰੀ 'ਚ ਅੱਗ ਲੱਗ ਗਈ ਅਤੇ ਜਲਦੀ ਹੀ ਇਕ ਨਸ਼ਾ ਛੁਡਾਊ ਕੇਂਦਰ ਅਤੇ 8 ਦੁਕਾਨਾਂ ਸਮੇਤ ਨੇੜਲੇ ਇਮਾਰਤਾਂ 'ਚ ਫੈਲ ਗਈ। ਡੀਐੱਫਐੱਸ ਅਧਿਕਾਰੀ ਨੇ ਦੱਸਿਆ ਕਿ ਵੀਰਵਾਰ ਸ਼ਾਮ ਕਰੀਬ 5.30 ਵਜੇ ਅੱਗ ਲੱਗਣ ਦੀ ਸੂਚਨਾ ਮਿਲੀ ਅਤੇ 22 ਫਾਇਰ ਟੈਂਡਰ ਮੌਕੇ 'ਤੇ ਪਹੁੰਚ ਗਏ। ਉਨ੍ਹਾਂ ਦੱਸਿਆ ਕਿ ਰਾਤ 9 ਵਜੇ ਤੱਕ ਅੱਗ 'ਤੇ ਕਾਬੂ ਪਾ ਲਿਆ ਗਿਆ ਅਤੇ ਫੈਕਟਰੀ ਦੇ ਅੰਦਰੋਂ 11 ਲੋਕਾਂ ਦੀਆਂ ਸੜੀਆਂ ਹੋਈਆਂ ਲਾਸ਼ਾਂ ਬਰਾਮਦ ਕੀਤੀਆਂ ਗਈਆਂ। ਡੀਐਫਐਸ ਦੇ ਮੁਖੀ ਅਤੁਲ ਗਰਗ ਨੇ ਇਕ ਪੋਸਟ 'ਚ ਕਿਹਾ ਅੱਗ ਲੱਗਣ ਦੀ ਸੂਚਨਾ ਸ਼ਾਮ 5.30 ਵਜੇ ਮਿਲੀ ਅਤੇ 22 ਫਾਇਰ ਟੈਂਡਰ ਮੌਕੇ 'ਤੇ ਮੌਜੂਦ ਸਨ ਪਰ ਧਮਾਕੇ ਕਾਰਨ ਇਮਾਰਤ ਢਹਿ ਗਈ ਅਤੇ ਮਜ਼ਦੂਰ ਫੈਕਟਰੀ ਦੇ ਅੰਦਰ ਹੀ ਫਸ ਗਏ ਅਤੇ ਉਨ੍ਹਾਂ ਨੂੰ ਬਚਾਇਆ ਨਹੀਂ ਜਾ ਸਕਿਆ। ਬੇਹੱਦ ਮੰਦਭਾਗਾ ਦਿਨ।'' ਇਕ ਪੁਲਸ ਅਧਿਕਾਰੀ ਨੇ ਕਿਹਾ ਕਿ ਇਹ ਸ਼ੱਕ ਜਤਾਇਆ ਜਾ ਰਿਹਾ ਹੈ ਕਿ ਧਮਾਕਾ ਗੋਦਾਮ ਵਿਚ ਸਟੋਰ ਕੀਤੇ ਰਸਾਇਣਾਂ ਕਾਰਨ ਹੋਇਆ ਹੈ। ਚਾਰ ਜ਼ਖ਼ਮੀਆਂ ਦੀ ਪਛਾਣ ਜੋਤੀ (42), ਦਿਵਿਆ (20), ਮੋਹਿਤ ਸੋਲੰਕੀ (34) ਅਤੇ ਪੁਲਸ ਕਾਂਸਟੇਬਲ ਕਰਮਬੀਰ (35) ਵਜੋਂ ਹੋਈ ਹੈ। ਅਧਿਕਾਰੀ ਨੇ ਦੱਸਿਆ ਕਿ ਜ਼ਖਮੀਆਂ ਨੂੰ ਰਾਜਾ ਹਰੀਸ਼ਚੰਦਰ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਪੁਲਸ ਨੇ ਦੱਸਿਆ ਕਿ ਲਾਸ਼ਾਂ ਨੂੰ ਬਾਬੂ ਜਗਜੀਵਨ ਰਾਮ ਹਸਪਤਾਲ 'ਚ ਰਖਵਾਇਆ ਗਿਆ ਹੈ ਅਤੇ ਉਨ੍ਹਾਂ ਦੀ ਪਛਾਣ ਦੀ ਪ੍ਰਕਿਰਿਆ ਜਾਰੀ ਹੈ।

# ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ 'ਗ੍ਰਾਫ਼ ਡਾਊਨ' ਕਰਨ ਵਾਲੇ ਬਿਆਨ 'ਤੇ ਡੱਲੇਵਾਲ ਨੇ ਦਿੱਤਾ ਸਪਸ਼ਟੀਕਰਨ



ਚੰਡੀਗੜ੍ਹ: ਕਿਸਾਨਾਂ ਵੱਲੋਂ MSP 'ਤੇ ਕਾਨੂੰਨੀ ਗਰੰਟੀ, ਸਵਾਮੀਨਾਥਨ ਰਿਪੋਰਟ ਲਾਗੂ ਕਰਨ ਤੇ ਕਿਸਾਨ ਮਜ਼ਦੂਰਾਂ ਦੀ ਕਰਜ਼ਾ ਮੁਆਫ਼ੀ ਸਮੇਤ ਹੋਰ ਮੰਗਾਂ ਨੂੰ ਲੈ ਕੇ ਦਿੱਲੀ ਕੂਚ ਦਾ ਐਲਾਨ ਗਿਆ ਹੈ। ਇਸ ਵਿਚਾਲੇ ਜਿੱਥੇ ਪੰਜਾਬ ਦੇ ਬਾਰਡਰਾਂ 'ਤੇ ਕਿਸਾਨਾਂ ਅਤੇ ਪੁਲਸ ਵਿਚਾਲੇ ਜੱਦੋ-ਜਹਿਦ ਜਾਰੀ ਹੈ, ਉੱਥੇ ਹੀ ਇਸ ਮੁੱਦੇ 'ਤੇ ਸਿਆਸਤ ਵੀ ਭੱਖੀ ਹੋਈ ਹੈ। ਬੀਤੇ ਦਿਨੀਂ ਸੰਯੁਕਤ ਕਿਸਾਨ ਮੋਰਚਾ (ਗੈਰ-ਰਾਜਨੀਤਿਕ) ਦੇ ਆਗੂ ਜਗਜੀਤ ਸਿੰਘ ਡੱਲੇਵਾਲ ਦਾ ਇਕ ਬਿਆਨ ਸਾਹਮਣੇ ਆਇਆ ਸੀ ਜਿਸ ਵਿਚ ਉਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਗ੍ਰਾਫ਼ ਡਾਊਨ ਕਰਨ ਬਾਰੇ ਗੱਲ ਕਰ ਰਹੇ ਸਨ। ਇਸ ਨੂੰ ਲੈ ਕੇ ਭਾਜਪਾ ਸਮਰਥਕਾਂ ਵੱਲੋਂ ਲਗਾਤਾਰ ਉਨ੍ਹਾਂ 'ਤੇ ਨਿਸ਼ਾਨਾ ਵਿੰਨ੍ਹਿਆ ਜਾ ਰਿਹਾ ਹੈ ਤੇ ਕਿਸਾਨ ਅੰਦੋਲਨ ਨੂੰ ਸਿਆਸਤ ਤੋਂ ਪ੍ਰੇਰਿਤ ਕਿਹਾ ਜਾ ਰਿਹਾ ਹੈ। ਇਸ ਸਭ ਨੂੰ ਲੈ ਕੇ ਜਗਜੀਤ ਸਿੰਘ ਡੱਲੇਵਾਲ ਦਾ ਸਪਸ਼ਟੀਕਰਨ ਸਾਹਮਣੇ ਆਇਆ ਹੈ। ਦੇਰ ਰਾਤ ਨੂੰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਉਕਤ ਬਿਆਨ ਨੂੰ ਜਿਸ ਤਰ੍ਹਾਂ ਪੇਸ਼ ਕੀਤਾ ਗਿਆ, ਉਨ੍ਹਾਂ ਨੇ ਉਸ ਤਰ੍ਹਾਂ ਉਹ ਗੱਲ ਨਹੀਂ ਕਹੀ ਸੀ। ਉਹ ਕੇਂਦਰ ਸਰਕਾਰ ਦੇ ਹੰਕਾਰੀ ਰਵੱਈਏ ਬਾਰੇ ਗੱਲ ਕਰ ਰਹੇ ਸਨ ਕਿ ਜਿਸ ਤਰ੍ਹਾਂ ਦਾ ਵਤੀਰਾ ਉਨ੍ਹਾਂ ਨਾਲ ਕੀਤਾ ਜਾ ਰਿਹਾ ਹੈ। ਅਸੀਂ ਸ਼ਾਂਤਮਈ ਅੰਦੋਲਨ ਕਰ ਰਹੇ ਹਾਂ, ਪਰ ਸਰਕਾਰ ਹੰਕਾਰ ਵਿਚ ਆ ਕੇ ਸਾਡੇ ਨਾਲ ਇਸ ਤਰ੍ਹਾਂ ਦਾ ਵਤੀਰਾ ਕਰ ਰਹੀ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਸਰਕਾਰ ਦੇ ਜ਼ਬਰ ਦਾ ਮੁਕਾਬਲਾ ਸਬਰ ਨਾਲ ਕਰਨਾ ਹੈ ਜਿਸ ਤਰ੍ਹਾਂ ਅਸੀਂ ਪਹਿਲੇ ਅੰਦੋਲਨ ਵੇਲੇ ਕੀਤਾ ਸੀ।

ਦੱਸ ਦਈਏ ਕਿ ਜਗਜੀਤ ਸਿੰਘ ਡੱਲੇਵਾਲ ਦੀ ਇਕ ਵੀਡੀਓ ਸੋਸ਼ਲ ਮੀਡੀਆ 'ਤੇ ਕਾਫ਼ੀ ਵਾਇਰਲ ਹੋ ਰਹੀ ਹੈ ਜਿਸ ਵਿਚ ਉਹ ਕਹਿੰਦੇ ਨਜ਼ਰ ਆ ਰਹੇ ਹਨ ਕਿ, "ਮੋਦੀ ਦਾ ਗ੍ਰਾਫ਼ ਮੰਦਰ ਕਰਕੇ ਬਹੁਤ ਉੱਪਰ ਚੜ੍ਹ ਗਿਆ ਹੈ, ਉਹ ਇਸ ਦਾ ਗ੍ਰਾਫ਼ ਡਾਊਨ ਕਿਵੇਂ ਆ ਸਕਦਾ ਹੈ, ਮੈਂ ਪਹਿਲਾਂ ਵੀ ਪਿੰਡਾਂ ਦੇ ਵਿਚ ਲੋਕਾਂ ਨੂੰ ਕਹਿੰਦਾ ਸੀ ਕਿ ਮੌਕੇ ਬੜਾ ਥੋੜ੍ਹਾ ਹੈ, ਉਸ ਦਾ ਗ੍ਰਾਫ਼ ਬੜਾ ਉੱਚਾ ਹੈ, ਦਿਨ ਸਾਡੇ ਕੋਲ ਬਹੁਤ ਥੋੜ੍ਹੇ ਹਨ। ਕੀ ਅਸੀਂ ਇੰਨੇ ਥੋੜ੍ਹੇ ਦਿਨਾਂ ਦੇ ਵਿਚ ਉਸ ਦਾ ਗ੍ਰਾਫ਼ ਡਾਊਨ ਕਰ ਲਵਾਂਗੇ?"

# PM ਮੋਦੀ ਨੇ 8 ਭਾਰਤੀਆਂ ਦੀ ਰਿਹਾਈ ਲਈ ਕਤਰ ਦੇ ਅਮੀਰ ਨੂੰ ਕਿਹਾ- 'ਧੰਨਵਾਦ'



ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 8 ਭਾਰਤੀ ਨਾਗਰਿਕਾਂ ਦੀ ਰਿਹਾਈ ਲਈ ਵੀਰਵਾਰ ਨੂੰ ਕਤਰ ਦੇ ਅਮੀਰ ਸ਼ੇਖ ਤਮੀਮ ਬਿਨ ਹਮਦ ਅਲ-ਥਾਨੀ ਦਾ ਧੰਨਵਾਦ ਕੀਤਾ। ਭਾਰਤੀ ਸਮੁੰਦਰੀ ਫੌਜ ਦੇ 8 ਸਾਬਕਾ ਮੁਲਾਜ਼ਮਾਂ ਨੂੰ ਅਗਸਤ 2022 ਵਿਚ ਇਥੇ ਗ੍ਰਿਫ਼ਤਾਰ ਕੀਤੇ ਜਾਣ ਤੋਂ ਬਾਅਦ ਮੌਤ ਦੀ ਸਜ਼ਾ ਸੁਣਾਈ ਗਈ ਸੀ। ਨਿੱਜੀ ਕੰਪਨੀ ਅਲ ਦਾਹਰਾ ਨਾਲ ਕੰਮ ਕਰਨ ਵਾਲੇ ਭਾਰਤੀ ਨਾਗਰਿਕਾਂ ਨੂੰ ਜਾਸੂਸੀ ਦੇ ਇੱਕ ਕਥਿਤ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਸੀ। ਇਸ ਤੋਂ ਇਲਾਵਾ ਮੋਦੀ ਨੇ ਕਤਰ ਦੇ ਅਮੀਰ ਨਾਲ ਵੀ ਵਿਆਪਕ ਗੱਲਬਾਤ ਕੀਤੀ। ਗੱਲਬਾਤ ਮੁੱਖ ਤੌਰ 'ਤੇ ਵਪਾਰ, ਊਰਜਾ, ਨਿਵੇਸ਼ ਅਤੇ ਨਵੀਂ ਤਕਨਾਲੋਜੀ ਦੇ ਖੇਤਰਾਂ ਵਿਚ ਭਾਰਤ-ਕਤਰ ਸਬੰਧਾਂ ਨੂੰ ਅੱਗੇ ਵਧਾਉਣ 'ਤੇ ਕੇਂਦਰਿਤ ਸੀ। ਵਿਦੇਸ਼ ਸਕੱਤਰ ਵਿਨੈ ਕਵਾਤਰਾ ਨੇ ਪ੍ਰੈੱਸ ਕਾਨਫਰੰਸ 'ਚ ਕਿਹਾ ਕਿ ਮੋਦੀ ਨੇ ਖਾੜੀ ਦੇਸ਼ 'ਚ ਭਾਰਤੀ ਭਾਈਚਾਰੇ ਦੀ ਭਲਾਈ ਲਈ ਦਿੱਤੇ ਸਮਰਥਨ ਲਈ ਅਮੀਰ ਦਾ ਧੰਨਵਾਦ ਕੀਤਾ। ਕਵਾਤਰਾ ਨੇ ਕਿਹਾ ਕਿ ਮੋਦੀ ਅਤੇ ਅਮੀਰ ਵਿਚਾਲੇ ਗੱਲਬਾਤ ਵਪਾਰਕ ਭਾਈਵਾਲੀ, ਨਿਵੇਸ਼ ਸਹਿਯੋਗ ਅਤੇ ਊਰਜਾ ਸਬੰਧਾਂ ਸਮੇਤ ਦੁਵੱਲੇ ਸਹਿਯੋਗ ਦੇ ਵਿਆਪਕ ਖੇਤਰਾਂ 'ਤੇ ਕੇਂਦਰਿਤ ਰਹੀ। ਉਨ੍ਹਾਂ ਕਿਹਾ ਕਿ ਮੋਦੀ ਦੀ ਦੋਹਾ ਫੇਰੀ ਨੇ ਵੱਖ-ਵੱਖ ਖੇਤਰਾਂ ਵਿਚ ਭਾਰਤ-ਕਤਰ ਸਬੰਧਾਂ ਨੂੰ ਬਹੁਤ ਉੱਚੇ ਪੱਧਰ 'ਤੇ ਲਿਜਾਣ ਦੀ ਨੀਂਹ ਰੱਖੀ ਹੈ ਅਤੇ ਦੋਵੇਂ ਧਿਰਾਂ ਇਕ ਲੰਬੇ ਸਮੇਂ ਦੀ ਰਣਨੀਤਕ ਭਾਈਵਾਲੀ ਬਣਾਉਣ ਲਈ ਨਿਵੇਸ਼ ਨੂੰ ਇਕ ਮਾਧਿਅਮ ਵਜੋਂ ਵਰਤਣ 'ਤੇ ਵਿਚਾਰ ਕਰ ਰਹੇ ਹਨ।

# ਕਿਸਾਨਾਂ ਦੇ 'ਭਾਰਤ ਬੰਦ' ਸੱਦੇ ਕਾਰਨ ਪੰਜਾਬ 'ਚ ਅੱਜ ਬੱਸ ਸੇਵਾ ਰਹੇਗੀ ਬੰਦ, ਐਮਰਜੈਂਸੀ ਸੇਵਾਵਾਂ ਨੂੰ ਦਿੱਤੀ ਛੋਟ



ਇਸ ਦੇ ਨਾਲ ਹੀ ਫਿਰੋਜ਼ਪੁਰ ਮੰਡਲ ਦੀਆਂ 4 ਰੇਲਗੱਡੀਆਂ ਰੱਦ ਹੋਈਆਂ, 7 ਨੂੰ ਸ਼ਾਰਟ ਟਰਮੀਨੇਟ ਕੀਤਾ ਗਿਆ, 5 ਨੂੰ ਰੀ-ਸ਼ੈਡਿਊਲ ਤੇ 12 ਦੇ ਰੂਟ ਬਦਲਕੇ ਚਲਾਇਆ ਗਿਆ। ਕਿਸਾਨ ਸੰਗਠਨਾਂ ਵਲੋਂ ਐਮਰਜੈਂਸੀ ਸੇਵਾਵਾਂ ਜਿਵੇਂ ਐਂਬੂਲੈਂਸ ਵਗੈਰਾ ਨੂੰ ਛੋਟ ਦਿੱਤੀ ਗਈ ਹੈ। ਇਸ ਤੋਂ ਇਲਾਵਾ ਮੈਡੀਕਲ ਐਮਰਜੈਂਸੀ ਲਈ ਜਾ ਰਹੇ ਵਿਅਕਤੀ ਨੂੰ ਵੀ ਨਹੀਂ ਰੋਕਿਆ ਜਾਵੇਗਾ। ਪ੍ਰੀਖਿਆ ਦੇਣ ਜਾ ਰਹੇ ਵਿਦਿਆਰਥੀਆਂ ਨੂੰ ਨਹੀਂ ਰੋਕਿਆ ਜਾਵੇਗਾ। ਵਿਆਹ ਪ੍ਰੋਗਰਾਮ ਵਿਚ ਸ਼ਾਮਲ ਹੋਣ ਜਾ ਰਹੇ ਵਿਅਕਤੀ ਨੂੰ ਵੀ ਕਿਸੇ ਤਰ੍ਹਾਂ ਦੀ ਰੋਕ ਨਹੀਂ ਲਗਾਈ ਜਾਵੇਗੀ। ਕਿਸਾਨ ਸੰਗਠਨਾਂ ਨੇ ਇਹ ਵੀ ਸਪੱਸ਼ਟ ਕੀਤਾ ਹੈ ਕਿ ਯਾਤਰੀ ਹਵਾਈ ਰਸਤੇ ਜਾਂ ਟ੍ਰੇਨ ਤੋਂ ਯਾਤਰਾ ਕਰ ਰਿਹਾ ਹੈ ਤਾਂ ਉਹ ਆਪਣੀ ਟਿਕਟ ਦਿਖਾ ਕੇ ਨਿਕਲ ਸਕਦਾ ਹੈ। ਦੱਸ ਦੇਈਏ ਕਿ ਕਿਸਾਨ ਨੇਤਾਵਾਂ ਤੇ ਕੇਂਦਰੀ ਮੰਤਰੀਆਂ ਵਿਚ ਚੰਡੀਗੜ੍ਹ ਵਿਚ ਵੀਰਵਾਰ ਨੂੰ ਤੀਜੇ ਦੌਰ ਦੀ ਗੱਲਬਾਤ ਵੀ ਬੇਨਤੀਜਾ ਰਹੀ। ਇਹ ਮੀਟਿੰਗ ਰਾਤ 8 ਵਜੇ ਤੋਂ ਲਗਭਗ 1.30ਵਜੇ ਤੱਕ ਚੱਲੀ। ਸਰਕਾਰ ਨੇ MSP 'ਤੇ ਕਾਨੂੰਨ ਬਣਾਉਣ ਲਈ ਕਮੇਟੀ ਬਣਾਉਣ ਦਾ ਪ੍ਰਸਤਾਵ ਦਿੱਤਾ ਜਿਸ ਵਿਚ ਕਿਸਾਨ ਤੇ ਸਰਕਾਰ ਦੋਵਾਂ ਦੇ ਪ੍ਰਤੀਨਿਧੀ ਹੋਣਗੇ। ਕਿਸਾਨ ਨੇਤਾ MSP ਗਾਰੰਟੀ 'ਤੇ ਅੜੇ ਰਹੇ, ਜਿਸ ਤੋਂ ਬਾਅਦ ਕਿਸਾਨਾਂ ਵੱਲੋਂ ਅੱਜ ਭਾਰਤ ਬੰਦ ਦਾ ਸੱਦਾ ਦਿੱਤਾ ਗਿਆ ਹੈ।

# ਅਯੁੱਧਿਆ ਰਾਮ ਮੰਦਰ 'ਚ ਨਵੀਂ ਵਿਵਸਥਾ, ਰੋਜ਼ਾਨਾ 200 ਲੋਕਾਂ ਨੂੰ ਮਿਲੇਗਾ ਰਾਮ ਲੱਲਾ ਦੀ ਆਰਤੀ ਦਾ ਪਾਸ



ਅਯੁੱਧਿਆ ਦੇ ਰਾਮ ਮੰਦਰ 'ਚ ਰਾਮ ਲੱਲਾ ਦੇ ਸਵੇਰੇ ਜਾਗਰਣ ਤੋਂ ਬਾਅਦ ਪਹਿਲੀ ਆਰਤੀ, ਜਿਸ ਨੂੰ ਮੰਗਲਾ ਆਰਤੀ ਕਿਹਾ ਜਾਂਦਾ ਹੈ, ਪਹਿਲੀ ਵਾਰ ਪਰਦਾ ਹਟਾ ਕੇ ਸ਼ੁਰੂ ਕੀਤੀ ਗਈ ਹੈ। ਇਹ ਪਰੰਪਰਾ ਕਿਸੇ ਵੀ ਵੈਸ਼ਨਵ ਮੰਦਰ ਵਿੱਚ ਮੌਜੂਦ ਨਹੀਂ ਹੈ। ਸ਼੍ਰੀ ਰਾਮ ਦੇ ਜਨਮ ਸਥਾਨ ਵਿੱਚ ਵੀ ਮੰਗਲਾ ਆਰਤੀ 6 ਦਸੰਬਰ 92 ਤੋਂ ਪਹਿਲਾਂ ਅਤੇ ਬਾਅਦ ਵਿੱਚ ਪਰਦੇ ਪਿੱਛੇ ਕੀਤੀ ਗਈ ਸੀ। ਇਸ ਦੇ ਨਾਲ ਹੀ ਆਰਤੀ ਦਰਸ਼ਨ ਪਾਸ ਦੀ ਪ੍ਰਣਾਲੀ ਲਾਗੂ ਕੀਤੀ ਗਈ ਹੈ। ਮੰਗਲਾ ਆਰਤੀ ਅਤੇ ਸ਼ਯਾਨ ਆਰਤੀ ਲਈ 100-100 ਲੋਕਾਂ ਨੂੰ ਪਾਸ ਜਾਰੀ ਕੀਤੇ ਜਾ ਰਹੇ ਹਨ। ਇਹ ਪਾਸ ਆਨਲਾਈਨ ਅਤੇ ਆਫ-ਲਾਈਨ ਦੋਵਾਂ ਤਰ੍ਹਾਂ ਉਪਲਬਧ ਹੈ। ਰਾਮ ਲੱਲਾ ਦੇ ਮੁੱਖ ਸੇਵਾਦਾਰ ਆਚਾਰੀਆ ਸਤੇਂਦਰ ਦਾਸ ਸ਼ਾਸਤਰੀ ਨੇ ਦੱਸਿਆ ਕਿ ਸਾਰੇ ਵੈਸ਼ਨਵ ਮੰਦਰਾਂ ਵਿੱਚ ਭਗਵਾਨ ਰਾਮ ਦਾ ਦਰਬਾਰ ਹੈ ਜਿਸ ਵਿੱਚ ਭਗਵਾਨ ਰਾਮ ਦੇ ਨਾਲ, ਲਕਸ਼ਮਣ ਜੀ, ਮਾਤਾ ਸੀਤਾ ਤੇ ਹਨੂੰਮਾਨ ਜੀ ਹਨ। ਕਈ ਥਾਵਾਂ 'ਤੇ ਮਾਤਾ ਸੀਤਾ ਚਾਰ ਭਰਾਵਾਂ ਦੇ ਨਾਲ ਹੈ ਅਤੇ ਕਈ ਥਾਵਾਂ 'ਤੇ ਕੇਵਲ ਰਾਮ ਅਤੇ ਸੀਤਾ ਹੀ ਹਨ। ਉਨ੍ਹਾਂ ਕਿਹਾ ਕਿ ਮਾਤਾ ਸੀਤਾ ਦੇ ਨਾਲ ਹੋਣ ਕਾਰਨ ਇੱਕ ਮਰਿਆਦਾ ਦਾ ਬੰਧਨ ਹੈ। ਇਸ ਕਰਕੇ ਜਦੋਂ ਤੱਕ ਪੂਰਾ ਸ਼ਿੰਗਾਰ ਨਹੀਂ ਹੁੰਦਾ ਉਦੋਂ ਤੱਕ ਪਰਦਾ ਨਹੀਂ ਹਟਾਇਆ ਜਾ ਸਕਦਾ। ਇਸ ਦੇ ਉਲਟ ਸ਼੍ਰੀ ਰਾਮ ਜਨਮ ਭੂਮੀ ਵਿੱਚ ਰਾਮ ਲੱਲਾ ਪੰਜ ਸਾਲ ਦੇ ਬੱਚੇ ਦੇ ਰੂਪ ਵਿੱਚ ਮੌਜੂਦ ਹੈ, ਇੱਥੇ ਮਾਤਾ ਸੀਤਾ ਨਹੀਂ ਹਨ। ਬੱਚੇ ਦਾ ਰੂਪ ਹਮੇਸ਼ਾ ਸਾਦਾ ਅਤੇ ਮਨਮੋਹਕ ਹੁੰਦਾ ਹੈ, ਭਾਵੇਂ ਉਹ ਪਰਿਵਾਰ ਦਾ ਕਿਸ਼ੋਰ ਕਿਉਂ ਨਾ ਹੋਵੇ। ਇੱਥੇ ਰਾਮ ਲੱਲਾ ਪੂਰੀ ਸ਼ਾਹੀ ਮਹਿਮਾ ਵਿੱਚ ਹਨ, ਉਹ ਹਮੇਸ਼ਾ ਸ਼ਰਧਾਲੂਆਂ ਦੇ ਦਿਲਾਂ ਨੂੰ ਖੁਸ਼ ਕਰਦੇ ਹਨ। ਦਰਸ਼ਨ ਕਰਨ ਵਾਲੇ ਹਰ ਸ਼ਰਧਾਲੂ ਦੇ ਮਨ ਵਿੱਚ ਉਨ੍ਹਾਂ ਪ੍ਰਤੀ ਸਨੇਹ ਭਰਿਆ ਰਹਿੰਦਾ ਹੈ। ਅਜਿਹੀ ਸਥਿਤੀ ਵਿੱਚ ਸ਼ਿੰਗਾਰ ਦੀ ਕੋਈ ਪਾਬੰਦੀ ਨਹੀਂ ਹੈ। ਇਹੀ ਕਾਰਨ ਹੈ ਕਿ ਤੀਰਥ ਖੇਤਰ ਵੱਲੋਂ ਮੰਗਲਾ ਆਰਤੀ ਦੇ ਦਰਸ਼ਨਾਂ ਲਈ ਪ੍ਰਬੰਧ ਕੀਤੇ ਗਏ ਹਨ। ਰਾਮ ਲੱਲਾ ਦੀ ਮੰਗਲਾ ਆਰਤੀ ਦਾ ਸਮਾਂ ਸਵੇਰੇ 4.30 ਵਜੇ ਤੈਅ ਕੀਤਾ ਗਿਆ ਹੈ। ਮੰਗਲਾ ਆਰਤੀ ਸ਼ਰਧਾਲੂਆਂ ਲਈ ਰਿਪੋਰਟਿੰਗ ਦਾ ਸਮਾਂ ਸਵੇਰੇ 4 ਵਜੇ ਹੈ। ਸ਼ਰਧਾਲੂਆਂ ਨੂੰ ਸਵਾ ਚਾਰ ਵਜੇ ਤੱਕ ਪ੍ਰਵੇਸ਼ ਦੀ ਇਜਾਜ਼ਤ ਹੋਵੇਗੀ। ਇਸ ਤੋਂ ਬਾਅਦ ਜੇਕਰ ਪਾਸ ਹੋਲਡਰ ਆਉਂਦੇ ਹਨ ਤਾਂ ਉਨ੍ਹਾਂ ਨੂੰ ਸ਼ਿੰਗਾਰ ਆਰਤੀ, ਜਿਸ ਦਾ ਸਮਾਂ ਸਵੇਰੇ 6.30 ਵਜੇ ਨਿਰਧਾਰਿਤ ਕੀਤਾ ਗਿਆ ਹੈ, ਦਾ ਦਰਸ਼ਨ ਕਰ ਸਕਣਗੇ। ਇਸ ਆਰਤੀ ਤੋਂ ਬਾਅਦ ਸੱਤ ਵਜੇ ਤੋਂ ਆਮ ਸ਼ਰਧਾਲੂਆਂ ਦੇ ਬਕਾਇਦਾ ਦਰਸ਼ਨ ਸ਼ੁਰੂ ਹੋ ਜਾਂਦੇ ਹਨ। ਮੁੱਖ ਆਚਾਰਕ ਸ਼੍ਰੀ ਸ਼ਾਸਤਰੀ ਦੱਸਦੇ ਹਨ ਕਿ ਆਚਾਰ ਸੰਹਿਤਾ ਮੁਤਾਬਕ ਮੰਦਰ ਵਿੱਚ ਨਿਰਧਾਰਤ ਨਿਯਮਾਂ ਨੂੰ ਪੂਰਾ ਕਰਨ ਲਈ ਪੁਜਾਰੀ ਸਵੇਰੇ ਤਿੰਨ ਵਜੇ ਮੰਦਰ ਦੇ ਦਰਵਾਜ਼ੇ ਖੋਲ੍ਹਦੇ ਹਨ ਅਤੇ ਸਾਰੀ ਰਸਮ ਪੂਰੀ ਕਰਦੇ ਹਨ ਅਤੇ ਫਿਰ ਰਾਮ ਲੱਲਾ ਨੂੰ ਜਗਾਉਂਦੇ ਹਨ।ਉਨ੍ਹਾਂ ਦੇ ਜਾਗਰਣ ਤੋਂ ਬਾਅਦ ਪ੍ਰਤੀਕਾਤਮਕ ਗਊ ਤੇ ਗਜ ਦਰਸ਼ਨ ਕਰਾਇਆ ਜਾਂਦਾ ਹੈ। ਫਿਰ ਸੁੱਕੇ ਮੇਵੇ ਦਾ ਪ੍ਰਸ਼ਾਦ ਭੋਗ ਲਾਇਆ ਜਾਂਦਾ ਹੈ ਤੇ ਮੰਗਲਾ ਆਰਤੀ ਕੀਤੀ ਜਾਂਦੀ ਹੈ। ਇਸ ਆਰਤੀ ਤੋਂ ਬਾਅਦ ਸ਼ਿੰਗਾਰ ਆਰਤੀ ਕੀਤੀ ਜਾਂਦੀ ਹੈ, ਪਰਦੇ ਨੂੰ ਢੱਕ ਕੇ, ਅਭਿਸ਼ੇਕ ਕਰਕੇ ਪ੍ਰਭੂ ਦੀ ਪੂਜਾ ਕੀਤੀ ਜਾਂਦੀ ਹੈ, ਉਸ ਨੂੰ ਸ਼ਿੰਗਾਰਿਆ ਜਾਂਦਾ ਹੈ। ਰਬੜੀ, ਪੇੜਾ ਅਤੇ ਫਲ ਪ੍ਰਸ਼ਾਦ ਵਜੋਂ ਭੇਟ ਕੀਤੇ ਜਾਂਦੇ ਹਨ।

ਰਾਮ ਲੱਲਾ ਦੇ ਦਰਸ਼ਨ ਦੀ ਮਿਆਦ 'ਚ ਬਦਲਾਅ ਸ਼ੁੱਕਰਵਾਰ ਤੋਂ ਲਾਗੂ ਹੋ ਸਕਦਾ ਹੈ। ਜਾਣਕਾਰੀ ਅਨੁਸਾਰ ਦਰਸ਼ਨਾਂ ਦਾ ਸਮਾਂ ਸਵੇਰੇ 7 ਵਜੇ ਤੋਂ ਦੁਪਹਿਰ 12:30 ਵਜੇ ਤੱਕ ਅਤੇ ਫਿਰ ਦੁਪਹਿਰ 1.30 ਤੋਂ ਰਾਤ 10 ਵਜੇ ਤੱਕ ਤੈਅ ਕੀਤਾ ਗਿਆ ਹੈ। ਇਸ ਦੌਰਾਨ ਦੁਪਹਿਰ 12:30 ਤੋਂ 1:30 ਵਜੇ ਤੱਕ ਦਰਸ਼ਨ ਬੰਦ ਰਹਿਣਗੇ। ਰਾਮ ਲੱਲਾ ਇਸ ਦੌਰਾਨ ਆਰਾਮ ਕਰਨਗੇ।

# 'ਭਾਰਤ ਬੰਦ' ਵਿਚਾਲੇ PSEB ਦੇ ਵਿਦਿਆਰਥੀਆਂ ਲਈ ਵੱਡੀ ਖ਼ਬਰ, ਪ੍ਰੀਖਿਆਵਾਂ ਨੂੰ ਲੈ ਕੇ Advisory



ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ 10ਵੀਂ ਅਤੇ 12ਵੀਂ ਦੀਆਂ ਸਾਲਾਨਾ ਬੋਰਡ ਦੀਆਂ ਪ੍ਰੀਖਿਆਵਾਂ 13 ਫਰਵਰੀ ਤੋਂ ਸ਼ੁਰੂ ਹੋ ਗਈਆਂ ਹਨ। 16 ਫਰਵਰੀ ਨੂੰ ਭਾਰਤ ਬੰਦ ਦੇ ਸੱਦੇ ਦੇ ਮੱਦੇਨਜ਼ਰ ਬੋਰਡ ਨੇ ਸਾਰੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਇਕ ਸਪੱਸ਼ਟੀਕਰਨ ਜਾਰੀ ਕੀਤਾ ਹੈ। ਬੋਰਡ ਨੇ ਕਿਹਾ ਕਿ ਪ੍ਰੀਖਿਆਵਾਂ ਤੈਅ ਸਮੇਂ 'ਤੇ ਕਰਵਾਈਆਂ ਜਾਣਗੀਆਂ ਅਤੇ ਕਿਸੇ ਵੀ ਤਰ੍ਹਾਂ ਦਾ ਬਦਲਾਅ ਨਹੀਂ ਕੀਤਾ ਜਾਵੇਗਾ।

ਵਿਦਿਆਰਥੀਆਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਪ੍ਰੀਖਿਆ ਸ਼ੁਰੂ ਹੋਣ ਤੋਂ ਘੱਟ ਤੋਂ ਘੱਟ 1 ਘੰਟਾ ਪਹਿਲਾਂ ਆਪਣੇ ਸਬੰਧਿਤ ਪ੍ਰੀਖਿਆ ਕੇਂਦਰਾਂ 'ਤੇ ਪੁੱਜ ਜਾਣ। ਬੋਰਡ ਨੇ ਕਿਹਾ ਕਿ ਜੇਕਰ ਭਾਰਤ ਬੰਦ ਕਾਰਨ ਆਵਾਜਾਈ ਪ੍ਰਭਾਵਿਤ ਹੁੰਦੀ ਹੈ ਤਾਂ ਵਿਦਿਆਰਥੀਆਂ ਨੂੰ ਪ੍ਰੀਖਿਆ ਕੇਂਦਰ ਤੱਕ ਪੁੱਜਣ 'ਚ ਪਰੇਸ਼ਾਨੀ ਹੋ ਸਕਦੀ ਹੈ। ਇਸ ਲਈ ਉਨ੍ਹਾਂ ਨੂੰ ਪਹਿਲਾਂ ਤੋਂ ਹੀ ਯੋਜਨਾ ਬਣਾਉਣੀ ਚਾਹੀਦੀ ਹੈ ਅਤੇ ਢੁੱਕਵਾਂ ਸਮਾਂ ਦੇਣਾ ਚਾਹੀਦਾ ਹੈ। ਬੋਰਡ ਨੇ ਇਹ ਵੀ ਕਿਹਾ ਹੈ ਕਿ ਜੇਕਰ ਕੋਈ ਉਮੀਦਵਾਰ ਪ੍ਰੀਖਿਆ 'ਚ ਸ਼ਾਮਲ ਨਹੀਂ ਹੋ ਪਾਉਂਦਾ ਤਾਂ ਉਸ ਨੂੰ ਬਾਅਦ 'ਚ ਕੋਈ ਦੂਜਾ ਮੌਕਾ ਨਹੀਂ ਦਿੱਤਾ ਜਾਵੇਗਾ।



# ਮਸ਼ਹੂਰ ਅਦਾਕਾਰਾ ਮਿਮੀ ਚੱਕਰਵਰਤੀ ਨੇ ਮਮਤਾ ਨੂੰ ਸੌਂਪਿਆ ਅਸਤੀਫਾ, ਕਿਹਾ- ਸਿਆਸਤ ਮੇਰੇ ਵੱਸ ਦੀ ਗੱਲ ਨਹੀਂ

ਮਸ਼ਹੂਰ ਬੰਗਾਲੀ ਅਦਾਕਾਰਾ ਅਤੇ ਤ੍ਰਿਣਮੂਲ ਕਾਂਗਰਸ ਦੀ ਸੰਸਦ ਮੈਂਬਰ ਮਿਮੀ ਚੱਕਰਵਰਤੀ ਨੇ ਵੀਰਵਾਰ ਨੂੰ ਪਾਰਟੀ ਪ੍ਰਧਾਨ ਮਮਤਾ ਬੈਨਰਜੀ ਨਾਲ ਮੁਲਾਕਾਤ ਕੀਤੀ ਅਤੇ ਸੰਸਦ ਦੀ ਮੈਂਬਰਸ਼ਿਪ ਛੱਡਣ ਦੀ ਇੱਛਾ ਪ੍ਰਗਟਾਈ। ਉਨ੍ਹਾਂ ਕਿਹਾ ਕਿ ਸਿਆਸਤ ਮੇਰੇ ਵੱਸ ਦੀ ਗੱਲ ਨਹੀਂ ਹੈ। ਯਾਦਵਪੁਰ ਤੋਂ ਪਹਿਲੀ ਵਾਰ ਸੰਸਦ ਮੈਂਬਰ ਚੁਣੀ ਗਈ ਚੱਕਰਵਰਤੀ ਵੀਰਵਾਰ ਦੁਪਹਿਰ ਨੂੰ ਮੁੱਖ ਮੰਤਰੀ ਮਮਤਾ ਬੈਨਰਜੀ ਨੂੰ ਮਿਲਣ ਲਈ ਰਾਜ ਵਿਧਾਨ ਸਭਾ ਪੁੱਜੀ।ਉਨ੍ਹਾਂ ਕਿਹਾ ਕਿ ਅੱਜ ਮੈਂ ਪਾਰਟੀ ਸੁਪਰੀਮੋ ਨੂੰ ਮਿਲਿਆ। ਮੈਂ 13 ਫਰਵਰੀ ਨੂੰ ਆਪਣਾ ਅਸਤੀਫਾ ਉਨ੍ਹਾਂ ਨੂੰ ਸੌਂਪ ਦਿੱਤਾ ਸੀ। ਪਿਛਲੇ ਸਾਲਾਂ ਵਿਚ ਮੈਂ ਸਮਝ ਗਿਆ ਹਾਂ ਕਿ ਸਿਆਸਤ ਮੇਰੇ ਵੱਸ ਦੀ ਗੱਲ ਨਹੀਂ ਹੈ। ਇਹ ਪੁੱਛੇ ਜਾਣ ’ਤੇ ਕਿ ਉਨ੍ਹਾਂ ਨੇ ਪ੍ਰੰਪਰਾ ਮੁਤਾਬਕ ਆਪਣਾ ਅਸਤੀਫਾ ਲੋਕ ਸਭਾ ਸਪੀਕਰ ਨੂੰ ਭੇਜਣ ਦੀ ਬਜਾਏ ਮਮਤਾ ਬੈਨਰਜੀ ਨੂੰ ਕਿਉਂ ਸੌਂਪਿਆ, ਤਾਂ ਇਸਦੇ ਜਵਾਬ ਵਿਚ ਚੱਕਰਵਰਤੀ ਨੇ ਕਿਹਾ ਕਿ ਇਕ ਵਾਰ ਮੈਨੂੰ ਤ੍ਰਿਣਮੂਲ ਕਾਂਗਰਸ ਤੋਂ ਇਜਾਜ਼ਤ ਮਿਲ ਜਾਵੇ ਤਾਂ ਇਸਨੂੰ ਲੋਕ ਸਭਾ ਸਪੀਕਰ ਨੂੰ ਭੇਜ ਦੇਵਾਂਗੀ। ਇਹ ਘਟਨਾਚੱਕਰ ਆਮ ਚੋਣਾਂ ਤੋਂ ਕੁਝ ਸਿਰਫ ਕੁਝ ਮਹੀਨੇ ਪਹਿਲਾਂ ਹੀ ਸਾਹਮਣੇ ਆਇਆ ਹੈ।

# ਗਾਇਕ ਕਰਨ ਔਜਲਾ ਵੀ ਨਿੱਤਰੇ ਕਿਸਾਨ ਅੰਦੋਲਨ ਦੇ ਹੱਕ 'ਚ






ਕਿਸਾਨ ਆਪਣੀਆਂ ਵੱਖ-ਵੱਖ ਮੰਗਾਂ ਨੂੰ ਲੈ ਕੇ 'ਦਿੱਲੀ ਚਲੋ' ਅੰਦੋਲਨ ਚਲਾ ਰਹੇ ਹਨ ਅਤੇ ਇਸ ਸਮੇਂ ਸੈਂਕੜੇ ਕਿਸਾਨ ਸਰਹੱਦਾਂ 'ਤੇ ਡੇਰੇ ਲਾਏ ਹੋਏ ਹਨ। ਜਦਕਿ ਸੁਰੱਖਿਆ ਕਰਮੀ ਉਨ੍ਹਾਂ ਨੂੰ ਰਾਸ਼ਟਰੀ ਰਾਜਧਾਨੀ ਵਿਚ ਦਾਖ਼ਲ ਹੋਣ ਤੋਂ ਰੋਕਣ ਲਈ ਪੂਰੀ ਤਰ੍ਹਾਂ ਤਿਆਰ ਹਨ। ਉਥੇ ਹੀ ਹੁਣ ਪੰਜਾਬੀ ਕਲਾਕਾਰ ਵੀ ਇਸ ਅੰਦੋਲਨ ਨੂੰ ਆਪਣਾ ਸਮਰਥਨ ਦੇਣ ਲੱਗੇ ਹਨ। ਜਿੱਥੇ ਰੇਸ਼ਮ ਸਿੰਘ ਅਨਮੋਲ ਨੇ ਸ਼ੰਭੂ ਬਾਰਡਰ 'ਤੇ ਪਹੁੰਚ ਕੇ ਕਿਸਾਨੀ ਅੰਦੋਲਨ ਦਾ ਸਮਰਥਨ ਕੀਤਾ, ਉਥੇ ਹੀ ਹੁਣ ਗਾਇਕ ਕਰਨ ਔਜਲਾ ਵੀ ਕਿਸਾਨਾਂ ਦੇ ਹੱਕ 'ਚ ਨਿੱਤਰੇ ਹਨ। ਦਰਅਸਲ, ਗਾਇਕ ਕਰਨ ਔਜਲਾ ਨੇ ਆਪਣੇ ਸੋਸ਼ਲ ਮੀਡੀਆ ਇੰਸਟਾਗ੍ਰਾਮ ਅਕਾਊਂਟ ਦੀ ਸਟੋਰੀ 'ਚ ਲੁਧਿਆਣਾ ਦੀ ਕਿਸਾਨ ਮਾਤਾ ਹਰਜੀਤ ਕੌਰ ਦੀ ਤਸਵੀਰ ਸਾਂਝੀ ਕੀਤੀ ਹੈ। ਇਸ ਤਸਵੀਰ ਨੂੰ ਸਾਂਝਾ ਕਰਦਿਆਂ ਕਰਨ ਔਜਲਾ ਨੇ ਕੈਪਸ਼ਨ 'ਚ ਲਿਖਿਆ- I No Farmers No Food, Grow Your Wheat (ਨਾ ਕਿਸਾਨ ਨਾ ਭੋਜਨ, ਮੈਂ ਤੁਹਾਡੀ ਕਣਕ ਉਗਾਉਂਦਾ ਹਾਂ)।ਦੱਸ ਦਈਏ ਕਿ ਕਰਨ ਔਜਲਾ ਨੂੰ ਅੱਜ ਮੁੰਬਈ ਏਅਰਪੋਰਟ ’ਤੇ ਦੇਖਿਆ ਗਿਆ। ਦਰਅਸਲ, ਕਰਨ ਔਜਲਾ ਦੇ ਮੁੰਬਈ ਪਹੁੰਚਣ ਦੀ ਵਜ੍ਹਾ ਉਨ੍ਹਾਂ ਦੀ ਨਵੀਂ ਐਲਬਮ ਦੀ ਰਿਲੀਜ਼ਿੰਗ ਹੈ। ਅੱਜ ਹੀ ਕਰਨ ਔਜਲਾ ਨੇ ਆਪਣੀ ਨਵੀਂ ਐਲਬਮ ਦਾ ਐਲਾਨ ਕੀਤਾ ਹੈ, ਜੋ ਮਸ਼ਹੂਰ ਰੈਪਰ ਡਿਵਾਈਨ ਨਾਲ ਕੋਲੈਬ ਕਰਕੇ ਬਣਾਈ ਗਈ ਹੈ। ਇਸ ਐਲਬਮ ਦਾ ਨਾਂ ‘ਸਟ੍ਰੀਟ ਡਰੀਮਜ਼’ ਹੈ।

# ਆਬੂ ਧਾਬੀ ਦੇ ਪਹਿਲੇ ਹਿੰਦੂ ਮੰਦਰ ਪਹੁੰਚੇ ਅਕਸ਼ੇ ਕੁਮਾਰ ਸਮੇਤ ਇਹ ਸਿਤਾਰੇ, ਮੱਥਾ ਟੇਕ ਲਿਆ ਆਸ਼ੀਰਵਾਦ





14 ਫਰਵਰੀ ਨੂੰ ਆਬੂ ਧਾਬੀ ’ਚ ਪਹਿਲਾ ਹਿੰਦੂ ਮੰਦਰ ਸਥਾਪਿਤ ਕੀਤਾ ਗਿਆ ਸੀ। ਮੰਦਰ ਦਾ ਉਦਘਾਟਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕੀਤਾ ਸੀ। ਅਕਸ਼ੇ ਕੁਮਾਰ ਸਮੇਤ ਕਈ ਸਿਤਾਰੇ ਬੋਚਾਸਨਵਾਸੀ ਅਕਸ਼ਰ ਪੁਰਸ਼ੋਤਮ ਸਵਾਮੀਨਾਰਾਇਣ ਮੰਦਰ (ਬਾਪਸ) ਪਹੁੰਚੇ। ਮੰਦਰ ਤੋਂ ਮਸ਼ਹੂਰ ਹਸਤੀਆਂ ਦੀਆਂ ਤਸਵੀਰਾਂ ਤੇ ਵੀਡੀਓਜ਼ ਸੋਸ਼ਲ ਮੀਡੀਆ ’ਤੇ ਵਾਇਰਲ ਹੋ ਰਹੀਆਂ ਹਨ। ਪ੍ਰਸ਼ੰਸਕ ਇਨ੍ਹਾਂ ਵੀਡੀਓਜ਼ ’ਤੇ ਪ੍ਰਤੀਕਿਰਿਆ ਦੇ ਰਹੇ ਹਨ। ਆਬੂ ਧਾਬੀ ਦਾ ਇਹ ਮੰਦਰ ਬਹੁਤ ਹੀ ਸ਼ਾਨਦਾਰ ਤੇ ਖ਼ੂਬਸੂਰਤ ਹੈ।

ਕਈ ਬਾਲੀਵੁੱਡ ਸਿਤਾਰਿਆਂ ਨੇ ਆਬੂ ਧਾਬੀ ਦੇ ਪਹਿਲੇ ਹਿੰਦੂ ਮੰਦਰ ਦਾ ਦੌਰਾ ਕੀਤਾ। ਵਿਵੇਕ ਓਬਰਾਏ ਵੀ ਬੋਚਾਸਨਵਾਸੀ ਅਕਸ਼ਰ ਪੁਰਸ਼ੋਤਮ ਸਵਾਮੀਨਾਰਾਇਣ ਮੰਦਰ ਪਹੁੰਚੇ। ਅਦਾਕਾਰ ਨੇ ਕਿਹਾ ਕਿ ਇਹ ਸਾਡੇ ਸਾਰਿਆਂ ਲਈ ਮਾਣ ਵਾਲਾ ਪਲ ਹੈ। ਉਹ ਬਹੁਤ ਖੁਸ਼ ਹਨ।



## ਭਾਰਤੀ ਪੁਰਸ਼ ਟੀਮ ਬੈਡਮਿੰਟਨ ਏਸ਼ੀਆ ਟੀਮ ਚੈਂਪੀਅਨਸ਼ਿਪ ’ਚ ਚੀਨ ਤੋਂ ਹਾਰੀ



ਭਾਰਤੀ ਪੁਰਸ਼ ਟੀਮ ਨੂੰ ਸਾਤਵਿਕਸਾਈਰਾਜ ਰੰਕੀਰੈੱਡੀ ਅਤੇ ਚਿਰਾਗ ਸ਼ੈਟੀ ਦੀ ਸਟਾਰ ਡਬਲਜ਼ ਜੋੜੀ ਦੀ ਕਾਫੀ ਕਮੀ ਮਹਿਸੂਸ ਹੋਈ, ਜਿਸ ਨਾਲ ਉਸ ਨੂੰ ਬੈਡਮਿੰਟਨ ਏਸ਼ੀਆ ਟੀਮ ਚੈਂਪੀਅਨਸ਼ਿਪ ਦੇ ਗਰੁੱਪ ਮੈਚ ’ਚ ਤੋਂ ਚੀਨ ਤੋਂ 2-3 ਨਾਲ ਹਾਰ ਦਾ ਸਾਹਮਣਾ ਕਰਨਾ ਪਿਆ। ਸਟਾਰ ਬੈਡਮਿੰਟਨ ਖਿਡਾਰੀ ਐੱਚ. ਐੱਸ. ਪ੍ਰਣਯ ਅਤੇ ਲਕਸ਼ਯ ਸੇਨ ਨੇ ਆਪਣੇ ਸਿੰਗਲ ਮੈਚ ਜਿੱਤੇ ਪਰ ਚੀਨ ਨੇ ਵਾਪਸੀ ਕਰਦੇ ਹੋਏ ਦੋਵੇਂ ਡਬਲਜ਼ ਮੈਚ ਜਿੱਤ ਕੇ ਸਕੋਰ 2-2 ਕਰ ਦਿੱਤਾ ਅਤੇ ਫਾਈਨਲ ਮੈਚ ’ਚ ਰਾਸ਼ਟਰੀ ਚੈਂਪੀਅਨ ਚਿਰਾਗ ਸੇਨ ਨੂੰ ਵਾਂਗ ਝੇਂਗ ਜਿੰਗ ਤੋਂ 15-21, 16-21 ਨਾਲ ਹਾਰ ਮਿਲੀ, ਜਿਸ ਕਾਰਨ ਭਾਰਤ ਮੈਚ ਹਾਰ ਗਿਆ। ਪਹਿਲਾਂ ਹੀ ਨਾਕਆਊਟ ਪੜਾਅ ’ਚ ਥਾਂ ਬਣਾ ਚੁੱਕੀ ਭਾਰਤੀ ਟੀਮ ਗਰੁੱਪ ’ਚ ਦੂਜੇ ਸਥਾਨ ’ਤੇ ਰਹੀ ਅਤੇ ਚੀਨ ਨੇ ਗਰੁੱਪ ’ਚ ਟਾਪ ਸਥਾਨ ਹਾਸਲ ਕੀਤਾ। ਪਤਾ ਲੱਗਾ ਹੈ ਕਿ ਸਾਤਵਿਕ ਅਤੇ ਚਿਰਾਗ ਨੂੰ ਟੀਮ ਪ੍ਰਬੰਧਨ ਨੇ ਆਰਾਮ ਦਿੱਤਾ ਸੀ ਕਿਉਂਕਿ ਭਾਰਤ ਪਹਿਲਾਂ ਹੀ ਬੁੱਧਵਾਰ ਨੂੰ ਹਾਂਗਕਾਂਗ ’ਤੇ 4-1 ਦੀ ਜਿੱਤ ਨਾਲ ਕੁਆਰਟਰ ਫਾਈਨਲ ’ਚ ਜਗ੍ਹਾ ਪੱਕੀ ਕਰ ਚੁੱਕਾ ਸੀ।

## ਦੱਖਣੀ ਅਫਰੀਕਾ ਨੇ ਨਿਊਜ਼ੀਲੈਂਡ ਦੇ ਸਾਹਮਣੇ 267 ਦੌੜਾਂ ਦਾ ਟੀਚਾ ਰੱਖਿਆ




ਡੇਵਿਡ ਬੈਡਿੰਗਹੈਮ ਦੇ ਸੈਂਕੜੇ ਦੀ ਮਦਦ ਨਾਲ ਦੱਖਣੀ ਅਫਰੀਕਾ ਨੇ ਦੂਜੇ ਟੈਸਟ ਕ੍ਰਿਕਟ ਮੈਚ ਦੇ ਤੀਜੇ ਦਿਨ ਨਿਊਜ਼ੀਲੈਂਡ ਦੇ ਸਾਹਮਣੇ 267 ਦੌੜਾਂ ਦਾ ਟੀਚਾ ਰੱਖਿਆ। ਨਿਊਜ਼ੀਲੈਂਡ ਨੇ ਇਸ ਦੇ ਜਵਾਬ ’ਚ ਤੀਜੇ ਦਿਨ ਦੀ ਖੇਡ ਖਤਮ ਹੋਣ ਤਕ 1 ਵਿਕਟ ’ਤੇ 40 ਦੌੜਾਂ ਬਣਾਈਆਂ ਸਨ ਅਤੇ ਉਹ ਅਜੇ ਟੀਚੇ ਤੋਂ 227 ਦੌੜਾਂ ਪਿੱਛੇ ਹੈ।
ਨਿਊਜ਼ੀਲੈਂਡ ਨੇ ਦਿਨ ਦੇ ਆਖਰੀ ਓਵਰ ਦੀ 5ਵੀਂ ਗੇਂਦ ’ਤੇ ਡੇਵੋਨ ਕਾਨਵੇ (17 ਦੌੜਾਂ) ਦੀ ਵਿਕਟ ਗਵਾਈ, ਜਿਸ ਨੂੰ ਆਫ ਸਪਿਨਰ ਡੇਨ ਪੀਟ ਨੇ ਐੱਲ. ਬੀ. ਡਬਲਯੂ. ਆਊਟ ਕੀਤਾ। ਸਟੰਪ ਦੇ ਸਮੇਂ ਟਾਮ ਲਾਥਮ 21 ਦੌੜਾਂ ’ਤੇ ਖੇਡ ਰਿਹਾ ਸੀ। ਇਸ ਤੋਂ ਪਹਿਲਾਂ ਦੱਖਣੀ ਅਫਰੀਕਾ ਨੇ ਆਪਣੀ ਦੂਜੀ ਪਾਰੀ ’ਚ 235 ਦੌੜਾਂ ਬਣਾਈਆਂ। ਉਸ ਦੀ ਪਾਰੀ ਦਾ ਆਕਰਸ਼ਣ ਬੈਡਿੰਗਹੈਮ ਦਾ ਸੈਂਕੜਾ ਰਿਹਾ, ਜਿਸ ਨੇ 110 ਦੌੜਾਂ ਬਣਾਈਆਂ ਜੋ ਉਸ ਦੇ ਕਰੀਅਰ ਦਾ ਸਭ ਤੋਂ ਉਚ ਸਕੋਰ ਹੈ।

## ਬ੍ਰਿਜ਼ਭੂਸ਼ਣ ਦੇ ਸਹਿਯੋਗੀ ਨੂੰ ਕੀਤਾ ਜਾਵੇ ਬਰਖ਼ਾਸਤ, ਸਾਕਸ਼ੀ ਮਲਿਕ ਦੀ ਸਰਕਾਰ ਨੂੰ ਅਪੀਲ

ਸਾਬਕਾ ਭਾਰਤੀ ਮਹਿਲਾ ਪਹਿਲਵਾਨ ਸਾਕਸ਼ੀ ਮਲਿਕ ਨੇ ਇੱਕ ਵਾਰ ਫਿਰ ਵਿਰੋਧ ਦੀ ਚੇਤਾਵਨੀ ਦਿੱਤੀ ਹੈ। ਉਨ੍ਹਾਂ ਨੇ ਇੱਕ ਵੀਡੀਓ ਜਾਰੀ ਕਰਕੇ ਸਰਕਾਰ ਨੂੰ ਕਿਹਾ ਹੈ ਕਿ ਭਾਜਪਾ ਸੰਸਦ ਬ੍ਰਿਜ ਭੂਸ਼ਣ ਸ਼ਰਨ ਸਿੰਘ ਦੇ ਸਾਰੇ ਸਾਥੀਆਂ ਨੂੰ ਜਲਦ ਤੋਂ ਜਲਦ ਬਰਖਾਸਤ ਕੀਤਾ ਜਾਵੇ। ਜੇਕਰ ਅਜਿਹਾ ਨਹੀਂ ਕੀਤਾ ਜਾਂਦਾ ਹੈ, ਤਾਂ ਇੱਕ ਵਾਰ ਫਿਰ ਤੋਂ ਪ੍ਰਦਰਸ਼ਨ ਕੀਤਾ ਜਾਵੇਗਾ। ਉਨ੍ਹਾਂ ਬ੍ਰਿਜ ਭੂਸ਼ਣ ਸਿੰਘ ਦੇ ਪੁੱਤਰ ਕਰਨ ਭੂਸ਼ਣ ਸਿੰਘ ਨੂੰ ਉੱਤਰ ਪ੍ਰਦੇਸ਼ ਕੁਸ਼ਤੀ ਸੰਘ ਦਾ ਪ੍ਰਧਾਨ ਬਣਾਏ ਜਾਣ ਦਾ ਵੀ ਵਿਰੋਧ ਕੀਤਾ ਹੈ।
ਸਾਕਸ਼ੀ ਮਲਿਕ ਦੇ ਨਾਲ-ਨਾਲ ਬਜਰੰਗ ਪੂਨੀਆ ਨੇ ਵੀ ਕਰਨ ਭੂਸ਼ਣ ਸ਼ਰਨ ਸਿੰਘ ਨੂੰ ਉੱਤਰ ਪ੍ਰਦੇਸ਼ ਕੁਸ਼ਤੀ ਸੰਘ ਦਾ ਪ੍ਰਧਾਨ ਬਣਾਏ ਜਾਣ 'ਤੇ ਇਤਰਾਜ਼ ਜਤਾਇਆ ਹੈ। ਯੂਨਾਈਟਿਡ ਵਰਲਡ ਰੈਸਲਿੰਗ (ਯੂ.ਡਬਲਊ ਡਬਲਊ) ਰਾਹੀਂ ਕੁਸ਼ਤੀ ਫੈਡਰੇਸ਼ਨ ਦੀ ਮੁਅੱਤਲੀ ਹਟਾ ਲਈ ਗਈ ਹੈ। ਅਜਿਹੇ 'ਚ ਇਕ ਵਾਰ ਫਿਰ ਸੰਜੇ ਸਿੰਘ ਨੇ ਰੈਸਲਿੰਗ ਫੈਡਰੇਸ਼ਨ ਦੇ ਪ੍ਰਧਾਨ ਵਜੋਂ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ। ਸੰਜੇ ਸਿੰਘ ਭਾਜਪਾ ਦੇ ਸੰਸਦ ਮੈਂਬਰ ਅਤੇ ਸਾਬਕਾ ਭਾਰਤੀ ਕੁਸ਼ਤੀ ਮਹਾਸੰਘ ਬ੍ਰਿਜ ਭੂਸ਼ਣ ਸਿੰਘ ਦੇ ਕਰੀਬੀ ਮੰਨੇ ਜਾਂਦੇ ਹਨ।

ਓਲੰਪਿਕ ਤਮਗਾ ਜੇਤੂ ਸਾਕਸ਼ੀ ਮਲਿਕ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਤੇ ਇਕ ਵੀਡੀਓ ਸ਼ੇਅਰ ਕਰਕੇ ਕਿਹਾ ਹੈ ਕਿ, 'ਸਾਨੂੰ ਕੱਲ੍ਹ ਪਤਾ ਲੱਗਾ ਕਿ ਸੰਜੇ ਸਿੰਘ ਨੇ ਯੂ.ਡਬਲਊ ਡਬਲਊ ਨਾਲ ਕੁਝ ਸੈਟਿੰਗ ਕੀਤੀ ਹੈ ਅਤੇ ਮੁਅੱਤਲੀ ਨੂੰ ਹਟਾ ਦਿੱਤਾ ਹੈ। ਮੈਂ ਕੁਸ਼ਤੀ ਤੋਂ ਸੰਨਿਆਸ ਲੈ ਲਿਆ ਹੈ, ਪਰ ਮੈਂ ਬ੍ਰਿਜ ਭੂਸ਼ਣ ਅਤੇ ਉਨ੍ਹਾਂ ਦੇ ਲੋਕਾਂ ਨੂੰ ਫੈਡਰੇਸ਼ਨ ਚਲਾਉਣ ਅਤੇ ਮਹਿਲਾ ਪਹਿਲਵਾਨਾਂ ਨੂੰ ਪਰੇਸ਼ਾਨ ਨਹੀਂ ਕਰਨ ਦਿਆਂਗੀ।
ਸਾਕਸ਼ੀ ਨੇ ਅੱਗੇ ਕਿਹਾ, 'ਅਗਲੇ ਕੁਝ ਦਿਨਾਂ ਵਿੱਚ, ਅਸੀਂ ਪ੍ਰਦਰਸ਼ਨ ਵਿੱਚ ਸ਼ਾਮਲ ਸਾਰੇ ਲੋਕਾਂ ਨਾਲ ਗੱਲ ਕਰਾਂਗੇ ਅਤੇ ਭਵਿੱਖ ਦੀ ਕਾਰਵਾਈ ਦਾ ਫੈਸਲਾ ਕਰਾਂਗੇ। ਮੈਂ ਸਰਕਾਰ ਨੂੰ ਬੇਨਤੀ ਕਰਦੀ ਹਾਂ ਕਿ ਬ੍ਰਿਜ ਭੂਸ਼ਣ ਨਾਲ ਜੁੜੇ ਲੋਕਾਂ ਨੂੰ ਕੁਸ਼ਤੀ ਮਹਾਸੰਘ ਤੋਂ ਹਟਾ ਕੇ ਕਿਸੇ ਅਜਿਹੇ ਵਿਅਕਤੀ ਨੂੰ ਸਿਖਰ 'ਤੇ ਬਿਠਾਇਆ ਜਾਵੇ, ਜਿਸ ਦਾ ਅਕਸ ਸਾਫ ਸੁਥਰਾ ਅਤੇ ਸਮਰੱਥ ਹੋਵੇ।



ਦਰਅਸਲ ਯੂ.ਡਬਲਊ ਡਬਲਊ ਨੇ ਭਾਰਤ 'ਤੇ ਅਸਥਾਈ ਮੁਅੱਤਲੀ ਹਟਾ ਦਿੱਤੀ ਹੈ। ਹਾਲਾਂਕਿ, ਕੁਸ਼ਤੀ ਫੈਡਰੇਸ਼ਨ ਨੂੰ ਲਿਖਤੀ ਭਰੋਸਾ ਦੇਣ ਦਾ ਨਿਰਦੇਸ਼ ਦਿੱਤਾ ਗਿਆ ਹੈ ਕਿ ਬਜਰੰਗ ਪੂਨੀਆ, ਸਾਕਸ਼ੀ ਮਲਿਕ ਅਤੇ ਵਿਨੇਸ਼ ਫੋਗਾਟ ਦੇ ਖਿਲਾਫ ਕੋਈ ਪੱਖਪਾਤੀ ਕਦਮ ਨਹੀਂ ਚੁੱਕੇ ਜਾਣਗੇ। ਭਾਰਤੀ ਕੁਸ਼ਤੀ ਮਹਾਸੰਘ ਵੱਲੋਂ ਨਿਰਧਾਰਿਤ ਸਮਾਂ ਸੀਮਾ ਦੇ ਅੰਦਰ ਚੋਣਾਂ ਨਾ ਕਰਵਾਉਣ ਕਾਰਨ ਪਿਛਲੇ ਸਾਲ ਅਗਸਤ 'ਚ ਯੂ.ਡਬਲਊ ਡਬਲਊ ਰਾਹੀਂ ਕੁਸ਼ਤੀ ਫੈਡਰੇਸ਼ਨ 'ਤੇ ਮੁਅੱਤਲੀ ਲਗਾ ਦਿੱਤੀ ਗਈ ਸੀ।

## ਬਜਰੰਗ ਦੀ UWW ਤੋਂ WFI ਨੂੰ ਫਿਰ ਮੁਅੱਤਲ ਕਰਨ ਦੀ ਅਪੀਲ



ਨਵੀਂ ਦਿੱਲੀ- ਓਲੰਪਿਕ ਤਮਗਾ ਜੇਤੂ ਬਜਰੰਗ ਪੂਨੀਆ ਨੇ ਵੀਰਵਾਰ ਨੂੰ ਕੁਸ਼ਤੀ ਦੀ ਗਲੋਬਲ ਗਵਰਨਿੰਗ ਬਾਡੀ ਯੂਨਾਈਟਿਡ ਵਰਲਡ ਰੈਸਲਿੰਗ (ਯੂ. ਡਬਲਯੂ. ਡਬਲਯੂ.) ਨੂੰ ਭਾਰਤੀ ਕੁਸ਼ਤੀ ਮਹਾਸੰਘ (ਡਬਲਯੂ. ਐੱਫ. ਆਈ.) ਨੂੰ ਮੁੜ ਮੁਅੱਤਲ ਕਰਨ ਦੀ ਅਪੀਲ ਕਰਦੇ ਹੋਏ ਕਿਹਾ ਕਿ ਸੰਜੇ ਸਿੰਘ ਦੀ ਅਗਵਾਈ ਵਾਲੀ ਸੰਸਥਾ ਦੀ ਬਹਾਲੀ ਨਾਲ ਪਹਿਲਵਾਨਾਂ ‘ਧਮਕੀ ਅਤੇ ਪ੍ਰੇਸ਼ਾਨੀ’ ਦੇ ਘੇਰੇ ’ਚ ਆ ਰਹੇ ਹਨ। ਯੂ.ਡਬਲਿਊ.ਡਬਲਿਊ. ਇੰਡੀਅਨ ਪ੍ਰੀਮੀਅਰ ਲੀਗ ਨੇ ਮੰਗਲਵਾਰ ਨੂੰ ਭਾਰਤ 'ਤੇ ਅਸਥਾਈ ਪਾਬੰਦੀ ਹਟਾ ਦਿੱਤੀ ਪਰ ਰਾਸ਼ਟਰੀ ਫੈਡਰੇਸ਼ਨ ਨੂੰ ਲਿਖਤੀ ਗਾਰੰਟੀ ਦੇਣ ਦਾ ਨਿਰਦੇਸ਼ ਦਿੱਤਾ ਕਿ ਪ੍ਰਦਰਸ਼ਨਕਾਰੀ ਪਹਿਲਵਾਨ ਬਜਰੰਗ, ਸਾਕਸ਼ੀ ਮਲਿਕ ਅਤੇ ਵਿਨੇਸ਼ ਫੋਗਾਟ ਵਿਰੁੱਧ ਕੋਈ ਪੱਖਪਾਤੀ ਕਾਰਵਾਈ ਨਹੀਂ ਕੀਤੀ ਜਾਵੇਗੀ।
ਬਜਰੰਗ ਨੇ ਸੋਸ਼ਲ ਮੀਡੀਆ 'ਤੇ ਆਪਣੇ ਹੈਂਡਲ 'ਤੇ ਸ਼ੇਅਰ ਕੀਤੀ ਚਿੱਠੀ 'ਚ ਲਿਖਿਆ ਹੈ ਦੇ ਮੈਂਬਰਾਂ ਵੱਲੋਂ ਧਮਕੀਆਂ ਅਤੇ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪਿਆ ਹੈ। ਸਮੇਂ ਸਿਰ ਚੋਣਾਂ ਨਾ ਕਰਵਾਉਣ ਲਈ ਯੂ.ਡਬਲਿਊ.ਡਬਲਿਊ. ਪਿਛਲੇ ਸਾਲ 23 ਅਗਸਤ ਨੂੰ ਡਬਲਯੂ. ਐੱਫ. ਆਈ. ਨੂੰ ਮੁਅੱਤਲ ਕਰ ਦਿੱਤਾ ਗਿਆ ਸੀ।

# ਸੋਸ਼ਲ ਮੀਡੀਆ 'ਤੇ ਮਿਲਿਆ ਪੈਸਿਆਂ ਦਾ ਆਫਰ, ਕੁੜੀ ਨੇ ਕਰ ਦਿੱਤਾ 'Best Friend' ਦਾ ਕਤਲ, ਹੋਈ 99 ਸਾਲ ਦੀ ਸਜ਼ਾ



ਅਮਰੀਕਾ 'ਚ ਇਕ ਕੁੜੀ ਨੂੰ ਸੋਸ਼ਲ ਮੀਡੀਆ 'ਤੇ ਇਕ ਵਿਅਕਤੀ ਤੋਂ 9 ਮਿਲੀਅਨ ਡਾਲਰ ਦੀ ਪੇਸ਼ਕਸ਼ ਮਿਲਣ ਮਗਰੋਂ ਆਪਣੀ ਸਭ ਤੋਂ ਚੰਗੀ ਦੋਸਤ ਦਾ ਕਤਲ ਕਰਨ ਦੇ ਦੋਸ਼ ਵਿਚ 99 ਸਾਲ ਦੀ ਸਜ਼ਾ ਸੁਣਾਈ ਗਈ ਹੈ। ਨਿਊਯਾਰਕ ਪੋਸਟ ਮੁਤਾਬਕ 23 ਸਾਲਾ ਡੇਨਾਲੀ ਬ੍ਰੇਮਰ ਨੇ ਫਰਵਰੀ 2023 ਵਿੱਚ ਫਰਸਟ-ਡਿਗਰੀ ਕਤਲ ਲਈ ਦੋਸ਼ ਕਬੂਲ ਕੀਤਾ ਸੀ ਅਤੇ ਮੰਨਿਆ ਕਿ ਉਸਨੇ 2 ਜੂਨ 2019 ਨੂੰ 19 ਸਾਲਾ ਸਿੰਥੀਆ ਹਾਫਮੈਨ ਦਾ ਕਤਲ ਕੀਤਾ ਸੀ। ਅਲਾਸਕਾ ਦੇ ਕਾਨੂੰਨ ਵਿਭਾਗ ਨੇ ਇੱਕ ਬਿਆਨ ਜਾਰੀ ਕਰਕੇ ਦੱਸਿਆ ਕਿ ਕੁੜੀ ਨੂੰ ਸੋਮਵਾਰ ਨੂੰ ਪੈਸਿਆਂ ਬਦਲੇ ਕਤਲ ਲਈ 99 ਸਾਲ ਦੀ ਜੇਲ੍ਹ ਦੀ ਸਜ਼ਾ ਸੁਣਾਈ ਗਈ। ਰਿਪੋਰਟ ਮੁਤਾਬਕ ਬ੍ਰੇਹਮਰ 18 ਸਾਲ ਦੀ ਸੀ ਜਦੋਂ ਉਸਨੂੰ ਅਤੇ ਦੋ ਹੋਰ ਕਿਸ਼ੋਰਾਂ ਨੂੰ 21 ਸਾਲਾ ਡੈਰਿਨ ਸ਼ਿਲਮਿਲਰ ਦੁਆਰਾ ਆਨਲਾਈਨ ਫਸਾਇਆ ਸੀ, ਜਿਸਨੇ "ਟਾਇਲਰ" ਨਾਂ ਨਾਲ ਜਾਅਲੀ ਆਈ.ਡੀ. ਬਣਾਈ ਸੀ ਅਤੇ ਖ਼ੁਦ ਨੂੰ ਕਰੋੜਪਤੀ ਦੱਸਦੇ ਹੋਏ ਉਨ੍ਹਾਂ ਨੂੰ ਜਿਨਸੀ ਸ਼ੋਸ਼ਣ ਕਰਨ ਅਤੇ ਹੌਫਮੈਨ ਨੂੰ ਮਾਰਨ ਲਈ ਉਕਸਾਇਆ। ਸ਼ਿਲਮਿਲਰ ਨੇ "ਅਲਾਸਕਾ ਵਿੱਚ ਕਿਸੇ ਦਾ ਬਲਾਤਕਾਰ ਅਤੇ ਕਤਲ ਕਰਨ" ਲਈ 9 ਮਿਲੀਅਨ ਡਾਲਰ ਦੀ ਪੇਸ਼ਕਸ਼ ਕੀਤੀ ਸੀ ਅਤੇ ਕਿਸ਼ੋਰਾਂ ਨੂੰ ਅਪਰਾਧ ਨੂੰ ਅੰਜਾਮ ਦਿੰਦੇ ਸਮੇਂ ਦੀਆਂ ਫੋਟੋਆਂ ਅਤੇ ਵੀਡੀਓ ਭੇਜਣ ਲਈ ਕਿਹਾ ਸੀ। ਰਿਪੋਰਟ ਮੁਤਾਬਕ ਬ੍ਰੇਹਮਰ ਅਤੇ ਉਸਦੇ ਕਥਿਤ ਸਾਥੀਆਂ ਨੇ ਹਾਫਮੈਨ ਨੂੰ ਚੁਗਿਆਕ ਵਿੱਚ ਥੰਡਰਬਰਡ ਫਾਲਸ ਵਿਚ ਲਿਜਾਣ ਦਾ ਲਾਲਚ ਦਿੱਤਾ, ਜਿੱਥੇ ਹੌਫਮੈਨ ਦੇ ਸਿਰ ਦੇ ਪਿਛਲੇ ਹਿੱਸੇ ਵਿੱਚ ਗੋਲੀ ਮਾਰ ਦਿੱਤੀ ਗਈ। ਹੌਫਮੈਨ ਬ੍ਰੇਹਮਰ ਨੂੰ ਆਪਣਾ "ਸਭ ਤੋਂ ਵਧੀਆ ਦੋਸਤ" ਮੰਨਦੀ ਸੀ।

ਅਧਿਕਾਰੀਆਂ ਨੇ ਕਿਹਾ ਕਿ ਬ੍ਰੇਹਮਰ ਅਤੇ ਉਸਦੇ ਕਥਿਤ ਸਾਥੀਆਂ ਨੇ ਹੌਫਮੈਨ ਦੀ ਲਾਸ਼ ਨੂੰ ਏਕਲੁਤਨਾ ਨਦੀ ਵਿੱਚ ਸੁੱਟਣ ਤੋਂ ਪਹਿਲਾਂ ਸ਼ਿਲਮਿਲਰ ਨੂੰ ਕਈ ਸਨੈਪਚੈਟ ਵੀਡੀਓ ਅਤੇ ਤਸਵੀਰਾਂ ਭੇਜੀਆਂ। ਇਸ ਤੋਂ ਪਹਿਲਾਂ ਜਨਵਰੀ ਵਿੱਚ, ਸ਼ਿਲਮਿਲਰ ਨੂੰ ਵੀ ਅਲਾਸਕਾ ਹਵਾਲੇ ਕੀਤੇ ਜਾਣ ਤੋਂ ਬਾਅਦ 99 ਸਾਲ ਦੀ ਸਜ਼ਾ ਸੁਣਾਈ ਗਈ ਸੀ। ਕੇਡੇਨ ਮੈਕਿੰਟੋਸ਼, ਜੋ ਉਸ ਸਮੇਂ 16 ਸਾਲਾਂ ਦਾ ਸੀ, 'ਤੇ ਹੌਫਮੈਨ ਦੇ ਸਿਰ ਵਿੱਚ ਕਥਿਤ ਤੌਰ 'ਤੇ ਗੋਲੀ ਮਾਰਨ ਲਈ ਕਤਲ ਦਾ ਦੋਸ਼ ਲਗਾਇਆ ਗਿਆ ਸੀ। ਹਾਲਾਂਕਿ, ਉਸ ਦੀ ਸੁਣਵਾਈ ਲੰਬਿਤ ਹੈ। ਇਸ ਤੋਂ ਇਲਾਵਾ, ਇਸ ਕੇਸ ਵਿਚ ਸ਼ਾਮਲ ਇਕ ਹੋਰ ਵਿਅਕਤੀ, ਕੈਲੇਬ ਲੀਲੈਂਡ ਨੇ ਨਵੰਬਰ ਵਿਚ ਦੂਜੇ ਦਰਜੇ ਦੇ ਕਤਲ ਦਾ ਦੋਸ਼ ਮੰਨਿਆ। ਨਿਊਯਾਰਕ ਪੋਸਟ ਅਨੁਸਾਰ, ਉਸ ਨੂੰ ਇਸ ਸਾਲ 10 ਜੂਨ ਨੂੰ ਸਜ਼ਾ ਸੁਣਾਈ ਜਾਵੇਗੀ।

# ਅਮਰੀਕਾ 'ਚ ਪੰਜਾਬੀ ਪਰਿਵਾਰ ਕਤਲ ਮਾਮਲਾ, ਅਲਬਰਟੋ ਸਾਲਗਾਡੋ ਨੂੰ ਅਦਾਲਤ ਨੇ ਸੁਣਾਈ ਸਜ਼ਾ



ਕੈਲੀਫੋਰਨੀਆ ਸੂਬੇ ਦੀ ਮਰਸਡ ਕਾਉਂਟੀ ਦੇ ਇਕ ਪੰਜਾਬੀ ਪਰਿਵਾਰ ਦੇ 4 ਮੈਂਬਰਾਂ ਨੂੰ ਅਗਵਾ ਅਤੇ ਉਹਨਾਂ ਦੇ ਕਤਲ ਵਿਚ ਸ਼ਾਮਲ ਵਿਅਕਤੀ ਦੇ ਭਰਾ ਨੂੰ ਸਜ਼ਾ ਸੁਣਾਈ ਗਈ। ਮਰਸਡ ਕਾਉਂਟੀ ਜ਼ਿਲ੍ਹਾ ਅਟਾਰਨੀ ਦੇ ਦਫ਼ਤਰ ਦੇ ਅਨੁਸਾਰ, 42 ਸਾਲਾ ਅਲਬਰਟੋ ਸਲਗਾਡੋ, ਜੋ ਕਿ ਜੀਸਸ ਮੈਨੂਅਲ ਸਲਗਾਡੋ ਦਾ ਭਰਾ ਹੈ, ਨੂੰ ਬੁੱਧਵਾਰ ਨੂੰ ਮੇਰੇਡ ਕਾਉਂਟੀ ਸੁਪੀਰੀਅਰ ਕੋਰਟ ਵਿੱਚ ਕਤਲ, ਸਬੂਤਾਂ ਨੂੰ ਨਸ਼ਟ ਕਰਨ, ਚੋਰੀ ਦੀ ਸਾਜ਼ਿਸ਼ ਅਤੇ ਅੱਗਜ਼ਨੀ ਦੇ ਮਾਮਲੇ ਵਿੱਚ ਵੱਧ ਤੋਂ ਵੱਧ 3 ਸਾਲ ਅਤੇ 8 ਮਹੀਨਿਆਂ ਦੀ ਜੇਲ੍ਹ ਦੀ ਸਜ਼ਾ ਸੁਣਾਈ ਗਈ ਹੈ।

ਜਾਂਚਕਰਤਾਵਾਂ ਨੇ ਦੱਸਿਆ ਕਿ 8 ਮਹੀਨਿਆਂ ਦੀ ਆਰੋਹੀ ਢੇਰੀ, ਉਸਦੀ ਮਾਂ 27 ਸਾਲਾ ਜਸਲੀਨ ਕੌਰ, ਉਸ ਦੇ ਪਿਤਾ 36 ਸਾਲਾ ਜਸਦੀਪ ਸਿੰਘ ਅਤੇ ਜਸਦੀਪ ਦੇ ਭਰਾ 39 ਸਾਲਾ ਅਮਨਦੀਪ ਸਿੰਘ ਨੂੰ ਅਗਵਾ ਕਰਨ ਅਤੇ ਮੌਤ ਦੇ ਮਾਮਲੇ ਵਿੱਚ ਜੀਸਸ ਦੀ ਪਛਾਣ ਇੱਕ ਸ਼ੱਕੀ ਵਜੋਂ ਹੋਈ ਸੀ, ਜੋ ਇਨ੍ਹਾਂ ਦੀ ਟਰੱਕਿੰਗ ਕੰਪਨੀ ਵਿੱਚ ਸਾਬਕਾ ਮੁਲਾਜ਼ਮ ਵੀ ਸੀ। ਜੀਸਸ ਸਲਗਾਡੋ ਨੂੰ 6 ਅਕਤੂਬਰ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਜਾਂਚਕਰਤਾਵਾਂ ਨੇ ਦੱਸਿਆ ਕਿ ਜੀਸਸ ਨੇ 3 ਅਕਤੂਬਰ 2022 ਨੂੰ ਹਾਈਵੇਅ 59 ਅਤੇ 8ਵੀਂ ਸਟਰੀਟ ਦੇ ਨੇੜੇ ਉਨ੍ਹਾਂ ਦੇ ਟਰੱਕਿੰਗ ਕਾਰੋਬਾਰ ਤੋਂ ਬੰਦੂਕ ਦੀ ਨੋਕ 'ਤੇ ਪਰਿਵਾਰ ਨੂੰ ਅਗਵਾ ਕਰਕੇ ਕਤਲ ਕਰ ਦਿੱਤਾ ਗਿਆ ਸੀ, ਜਿਨ੍ਹਾਂ ਦੀਆਂ ਲਾਸ਼ਾਂ ਮਰਸਡ ਕਾਉਟੀ ਦੇ ਇਕ ਪੇਂਡੂ ਖੇਤਰ ਵਿੱਚ 3 ਦਿਨ ਬਾਅਦ ਮਿਲੀਆਂ ਸਨ। ਜੀਸਸ ਮੈਨੁਅਲ ਸਲਗਾਡੋ 4 ਮਾਰਚ ਨੂੰ ਅਦਾਲਤ ਵਿੱਚ ਪੇਸ਼ ਹੋਣ ਵਾਲਾ ਹੈ।

# ਪੋਲੈਂਡ 'ਚ 500 ਟਰੈਕਟਰਾਂ ਨਾਲ 1000 ਕਿਸਾਨਾਂ ਦਾ ਵੱਡਾ ਪ੍ਰਦਰਸ਼ਨ, EU ਦਫਤਰ 'ਤੇ ਸੁੱਟੇ ਆਂਡੇ



ਪੋਲੈਂਡ ਦੇ ਕਿਸਾਨਾਂ ਨੇ ਵੀਰਵਾਰ ਨੂੰ ਪੱਛਮੀ ਸ਼ਹਿਰ ਰਾਕਲਾ ਵਿੱਚ ਜ਼ਬਰਦਸਤ ਵਿਰੋਧ ਪ੍ਰਦਰਸ਼ਨ ਕੀਤਾ। ਇਸ ਦੌਰਾਨ ਉਨ੍ਹਾਂ ਨੇ ਯੂਰਪੀਅਨ ਯੂਨੀਅਨ ਦੇ ਦਫਤਰ 'ਤੇ ਆਂਡੇ ਵੀ ਸੁੱਟੇ, ਅੱਗਜ਼ਨੀ ਕੀਤੀ ਅਤੇ ਈ.ਯੂ ਗ੍ਰੀਨ ਡੀਲ ਵਿਰੁੱਧ ਆਪਣਾ ਵਿਰੋਧ ਦਰਜ ਕਰਵਾਇਆ। ਯੂਰਪੀ ਦੇਸ਼ਾਂ ਵਿਚ ਕਿਸਾਨ ਪਿਛਲੇ ਕਈ ਦਿਨਾਂ ਤੋਂ ਟਰੈਕਟਰਾਂ ਨਾਲ ਸੜਕਾਂ 'ਤੇ ਉਤਰੇ ਹੋਏ ਹਨ। ਯੂਰਪ ਭਰ ਦੇ ਕਿਸਾਨ ਜਲਵਾਯੂ ਪਰਿਵਰਤਨ ਦਾ ਮੁਕਾਬਲਾ ਕਰਨ ਲਈ ਯੂਰਪੀਅਨ ਯੂਨੀਅਨ ਦੁਆਰਾ ਲਗਾਈਆਂ ਗਈਆਂ ਪਾਬੰਦੀਆਂ ਦਾ ਵਿਰੋਧ ਕਰ ਰਹੇ ਹਨ। ਕਿਸਾਨਾਂ ਦਾ ਕਹਿਣਾ ਹੈ ਕਿ ਪਾਬੰਦੀਆਂ ਕਾਰਨ ਖੇਤੀ ਦੀ ਲਾਗਤ ਵੱਧ ਰਹੀ ਹੈ ਅਤੇ ਮੁਨਾਫ਼ਾ ਘੱਟ ਹੈ। ਗੁਆਂਢੀ ਦੇਸ਼ ਯੂਕ੍ਰੇਨ ਜੰਗ ਦਾ ਪੋਲਿਸ਼ ਕਿਸਾਨਾਂ 'ਤੇ ਵੀ ਗੰਭੀਰ ਅਸਰ ਪਿਆ ਹੈ।

ਵੀਰਵਾਰ ਦੇ ਵਿਰੋਧ ਪ੍ਰਦਰਸ਼ਨ ਵਿੱਚ ਕਰੀਬ ਇੱਕ ਹਜ਼ਾਰ ਦੇ ਕਰੀਬ ਕਿਸਾਨ 500 ਟਰੈਕਟਰਾਂ ਅਤੇ ਹੋਰ ਖੇਤੀ ਵਾਹਨਾਂ ਨਾਲ ਸੜਕਾਂ ’ਤੇ ਉਤਰ ਆਏ। ਸਥਾਨਕ ਮੀਡੀਆ ਰਿਪੋਰਟਾਂ ਵਿੱਚ ਕਿਸਾਨਾਂ ਨੂੰ ਪੋਲਿਸ਼ ਝੰਡੇ, ਬੈਨਰ ਅਤੇ ਕੁਝ ਮਾਮਲਿਆਂ ਵਿੱਚ ਫਲਾਇਰ ਲੈ ਕੇ ਸੜਕਾਂ 'ਤੇ ਮਾਰਚ ਕਰਦੇ ਦਿਖਾਇਆ ਗਿਆ। ਕਿਸਾਨ ਖੇਤਰੀ ਸਰਕਾਰੀ ਹੈੱਡਕੁਆਰਟਰ ਦੇ ਸਾਹਮਣੇ ਇਕੱਠੇ ਹੋਏ, ਜਿੱਥੇ ਉਨ੍ਹਾਂ ਨੇ ਟਾਇਰਾਂ ਨੂੰ ਅੱਗ ਲਗਾ ਦਿੱਤੀ, ਜਿਸ ਨਾਲ ਪੂਰੇ ਇਲਾਕੇ ਨੂੰ ਧੂੰਏਂ ਦੀ ਲਪੇਟ ਵਿੱਚ ਲੈ ਲਿਆ ਗਿਆ। ਪੋਲਿਸ਼ ਕਿਸਾਨ ਖਾਸ ਤੌਰ 'ਤੇ ਯੂਕ੍ਰੇਨ ਤੋਂ ਸਸਤੇ ਭੋਜਨ ਦੀ ਦਰਾਮਦ ਦਾ ਵਿਰੋਧ ਕਰ ਰਹੇ ਹਨ। ਉਦਾਹਰਣ ਵਜੋਂ ਸਥਾਨਕ ਕਿਸਾਨਾਂ ਤੋਂ ਅਨਾਜ ਖਰੀਦਣ ਦੀ ਬਜਾਏ, ਸਰਕਾਰ ਇਸ ਨੂੰ ਗੁਆਂਢੀ ਯੂਕ੍ਰੇਨ ਤੋਂ ਸਸਤੇ ਵਿੱਚ ਦਰਾਮਦ ਕਰਦੀ ਹੈ। ਇਹੀ ਕਾਰਨ ਹੈ ਕਿ ਕਿਸਾਨ ਪਿਛਲੇ ਸ਼ੁੱਕਰਵਾਰ ਤੋਂ 30 ਦਿਨਾਂ ਦੀ ਹੜਤਾਲ 'ਤੇ ਹਨ। ਇਸ ਦੌਰਾਨ ਕਿਸਾਨਾਂ ਨੇ ਯੂਕ੍ਰੇਨ ਨਾਲ ਲੱਗਦੀਆਂ ਕੁਝ ਸੜਕਾਂ ਨੂੰ ਵੀ ਜਾਮ ਕਰ ਦਿੱਤਾ ਹੈ।

## ਗ੍ਰੀਸ ਦਾ ਇਤਿਹਾਸਕ ਫ਼ੈਸਲਾ, 'ਸਮਲਿੰਗੀ ਵਿਆਹ' ਨੂੰ ਦਿੱਤੀ ਕਾਨੂੰਨੀ ਮਾਨਤਾ



ਪੱਛਮੀ ਸੱਭਿਅਤਾ ਦਾ ਗੁਰੂ ਮੰਨਿਆ ਜਾਣ ਵਾਲਾ ਗ੍ਰੀਸ ਪਰੰਪਰਾਗਤ ਨਿਯਮਾਂ ਨੂੰ ਤੋੜਦੇ ਹੋਏ ਸਮਲਿੰਗੀ ਵਿਆਹ ਨੂੰ ਕਾਨੂੰਨੀ ਮਾਨਤਾ ਦੇ ਕੇ ਰੂੜੀਵਾਦੀ ਦੇਸ਼ਾਂ ਵਿਚ ਮੋਹਰੀ ਬਣ ਗਿਆ ਹੈ। ਪ੍ਰਧਾਨ ਮੰਤਰੀ ਕਿਰੀਆਕੋਸ ਮਿਤਸੋਟਾਕਿਸ ਅਤੇ ਨਿਊ ਡੈਮੋਕਰੇਸੀ ਪਾਰਟੀ ਦੁਆਰਾ ਸਮਰਥਨ ਪ੍ਰਾਪਤ ਇਹ ਇਤਿਹਾਸਕ ਫ਼ੈਸਲਾ ਪ੍ਰਭਾਵਸ਼ਾਲੀ ਆਰਥੋਡਾਕਸ ਚਰਚ ਦੇ ਸਖ਼ਤ ਵਿਰੋਧ ਦੇ ਬਾਵਜੂਦ ਆਇਆ ਹੈ। ਸੰਸਦ ਨੇ ਬੁੱਧਵਾਰ ਨੂੰ ਇਕ ਬਿੱਲ ਨੂੰ ਮਨਜ਼ੂਰੀ ਦਿੱਤੀ ਜੋ ਨਾ ਸਿਰਫ ਸਮਲਿੰਗੀ ਵਿਆਹ ਨੂੰ ਕਾਨੂੰਨੀ ਬਣਾਉਂਦਾ ਹੈ ਬਲਕਿ ਸਮਲਿੰਗੀ ਪਰਿਵਾਰਾਂ ਦੁਆਰਾ ਗੋਦ ਲੈਣ ਨੂੰ ਵੀ ਕਾਨੂੰਨੀ ਬਣਾਉਂਦਾ ਹੈ। ਦੋ ਦਿਨਾਂ ਦੀ ਬਹਿਸ ਤੋਂ ਬਾਅਦ ਬਿੱਲ ਨੂੰ ਭਾਰੀ ਸਮਰਥਨ ਮਿਲਿਆ ਅਤੇ ਸੰਸਦ ਵਿੱਚ ਮੌਜੂਦ 245 ਸੰਸਦ ਮੈਂਬਰਾਂ ਵਿੱਚੋਂ 176 ਨੇ ਇਸ ਦੇ ਹੱਕ ਵਿੱਚ ਵੋਟ ਦਿੱਤੀ। ਪ੍ਰਧਾਨ ਮੰਤਰੀ ਨੇ ਇਸ ਫ਼ੈਸਲੇ ਨੂੰ ‘ਮਨੁੱਖੀ ਅਧਿਕਾਰਾਂ ਲਈ ਮੀਲ ਪੱਥਰ’ ਕਰਾਰ ਦਿੱਤਾ ਅਤੇ ਗ੍ਰੀਸ ਨੂੰ ‘ਯੂਰਪੀਅਨ ਕਦਰਾਂ-ਕੀਮਤਾਂ ਪ੍ਰਤੀ ਪੂਰੀ ਤਰ੍ਹਾਂ ਵਚਨਬੱਧ, ਪ੍ਰਗਤੀਸ਼ੀਲ ਅਤੇ ਲੋਕਤੰਤਰੀ ਦੇਸ਼’ ਵਜੋਂ ਸ਼ਲਾਘਾ ਕੀਤੀ। ਪ੍ਰਭਾਵਸ਼ਾਲੀ ਆਰਥੋਡਾਕਸ ਚਰਚ ਦੇ ਸਖ਼ਤ ਵਿਰੋਧ ਦੇ ਬਾਵਜੂਦ ਦੇਸ਼ ਨੇ ਵਿਰੋਧੀ ਪਾਰਟੀਆਂ ਦੇ ਸਮਰਥਨ ਨਾਲ ਇਸ ਇਤਿਹਾਸਕ ਤਬਦੀਲੀ ਨੂੰ ਦੇਖਿਆ। ਖੱਬੇਪੱਖੀ ਸਿਰੀਜ਼ਾ ਪਾਰਟੀ, ਜਿਸ ਦੀ ਅਗਵਾਈ ਸਟੀਫਾਨੋਸ ਕੈਸੇਲਕਿਸ, ਜਿਸ ਨੇ ਜਨਤਕ ਤੌਰ 'ਤੇ ਆਪਣੇ ਆਪ ਨੂੰ ਸਮਲਿੰਗੀ ਘੋਸ਼ਿਤ ਕੀਤਾ ਹੈ, ਨੇ ਵੀ ਇਸ ਤਬਦੀਲੀ ਲਈ ਵੋਟਿੰਗ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ।

## ਅਮਰੀਕਾ ‘ਚ ਪੰਜਾਬੀ ਨੌਜਵਾਨ ਦੀ ਸੜਕ ਹਾਦਸੇ ‘ਚ ਮੌਤ, ਕੰਮ ਤੋਂ ਘਰ ਜਾਂਦੇ ਸਮੇਂ ਕਾਰ ਨੇ ਮਾਰੀ ਟੱਕਰ



ਅਮਰੀਕਾ ਤੋਂ ਮੰਦਭਾਗੀ ਖਬਰ ਸਾਹਮਣੇ ਆਈ ਹੈ, ਜਿੱਥੇ ਪੰਜਾਬੀ ਨੌਜਵਾਨ ਦੀ ਸੜਕ ਹਾ.ਦਸੇ ਵਿੱਚ ਮੌ.ਤ ਹੋ ਗਈ ਹੈ। ਮ੍ਰਿ.ਤਕ ਦੀ ਪਛਾਣ ਹੁਸ਼ਿਆਰਪੁਰ ਦੇ ਟਾਂਡਾ ਦੇ ਅਧੀਨ ਪੈਂਦੇ ਪਿੰਡ ਜਹੂਰਾ ਦੇ ਵਾਸੀ ਵਰਿੰਦਰ ਸਿੰਘ ਵਜੋਂ ਹੋਈ ਹੈ। ਮਿਲੀ ਜਾਣਕਾਰੀ ਅਨੁਸਾਰ ਵਰਿੰਦਰ ਕਰੀਬ 11 ਮਹੀਨੇ ਪਹਿਲਾਂ ਅਮਰੀਕਾ ਗਿਆ ਸੀ ਤੇ ਅਮਰੀਕਾ ਦੇ ਇੰਡੀਆਨਾ ਵਿਖੇ ਰਹਿ ਰਿਹਾ ਸੀ। ਦੱਸਿਆ ਜਾ ਰਿਹਾ ਹੈ ਕਿ ਜਦੋਂ ਵਰਿੰਦਰ ਕੰਮ ਤੋਂ ਸਾਈਕਲ ‘ਤੇ ਘਰ ਵਾਪਸ ਆ ਰਿਹਾ ਸੀ। ਇਸ ਦੌਰਾਨ ਹਾਈਵੇ ‘ਤੇ ਪਿਛੋਂ ਆਈ ਤੇਜ਼ ਰਫਤਾਰ ਕਾਰ ਨੇ ਉਸ ਨੂੰ ਟੱ.ਕਰ ਮਾ.ਰ ਦਿੱਤੀ। ਜਿਸ ਕਾਰਨ ਮੌਕੇ ‘ਤੇ ਹੀ ਵਰਿੰਦਰ ਸਿੰਘ ਦੀ ਮੌ.ਤ ਹੋ ਗਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਮ੍ਰਿ.ਤਕ ਦੀ ਮਾਤਾ ਨੇ ਦੱਸਿਆ ਕਿ ਵਰਿੰਦਰ 20 ਸਾਲ ਦਾ ਸੀ ਤੇ ਉਸ ਦੇ ਪਿਤਾ ਦੀ ਕਰੀਬ ਛੇ ਸਾਲ ਪਹਿਲਾਂ ਮੌ.ਤ ਹੋ ਗਈ ਸੀ । ਵਰਿੰਦਰ ਸਿੰਘ ਦੀ ਮੌ.ਤ ਦੀ ਖਬਰ ਮਿਲਣ ਮਗਰੋਂ ਪਿੰਡ ਜਹੂਰਾ ਵਿੱਚ ਭਾਰੀ ਸੋਗ ਪਾਇਆ ਜਾ ਰਿਹਾ ਹੈ ।




ਗੁਰੂ ਅਰਜਨ ਦੇਵ ਜੀ ਸਿੱਖ ਧਰਮ ਦੇ ਦਸ ਗੁਰੂਆਂ ਵਿੱਚੋਂ ਪੰਜਵੇਂ ਗੁਰੂ ਅਤੇ ਸ਼ਹੀਦ ਹੋਣ ਵਾਲੇ ਪਹਿਲੇ ਸਿੱਖ ਗੁਰੂ ਸਨ। ਉਨ੍ਹਾਂ ਦਾ ਜਨਮ 15 ਅਪ੍ਰੈਲ 1563 ਨੂੰ ਗੋਇੰਦਵਾਲ, ਪੰਜਾਬ ਵਿੱਚ ਹੋਇਆ ਸੀ ਅਤੇ ਉਹ ਗੁਰੂ ਰਾਮਦਾਸ ਜੀ ਅਤੇ ਬੀਬੀ ਭਾਨੀ ਜੀ ਦੇ ਸਭ ਤੋਂ ਛੋਟੇ ਪੁੱਤਰ ਸਨ। ਆਪ ਜੀ ਨਿਰਸਵਾਰਥ ਸੇਵਾ ਅਤੇ ਇਲਾਹੀ ਭਗਤੀ ਦੇ ਪ੍ਰਤੀਕ ਸਨ। ਸਿੱਖ ਪਰੰਪਰਾ ਅਨੁਸਾਰ ਗੁਰੂ ਅਰਜਨ ਦੇਵ ਜੀ ਨੂੰ 1581 ਵਿੱਚ 18 ਸਾਲ ਦੀ ਉਮਰ ਵਿੱਚ ਪੰਜਵੇਂ ਗੁਰੂ ਦਾ ਖ਼ਿਤਾਬ ਉਨ੍ਹਾਂ ਦੇ ਪਿਤਾ ਤੋਂ ਵਿਰਾਸਤ ਵਿੱਚ ਪ੍ਰਾਪਤ ਹੋਇਆ ਸੀ। ਗੁਰੂ ਅਰਜਨ ਦੇਵ ਜੀ ਸਿੱਖ ਪਵਿੱਤਰ ਗ੍ਰੰਥ, ਆਦਿ ਗ੍ਰੰਥ ਦੇ ਪਹਿਲੇ ਸੰਸਕਰਨ ਨੂੰ ਸੰਕਲਿਤ ਕਰਨ ਲਈ ਸਭ ਤੋਂ ਵੱਧ ਜਾਣੇ ਜਾਂਦੇ ਹਨ। ਉਨ੍ਹਾਂ ਨੇ ਕਈ ਭਜਨ ਵੀ ਲਿਖੇ, ਜੋ ਆਦਿ ਗ੍ਰੰਥ ਵਿੱਚ ਸ਼ਾਮਲ ਹਨ। ਉਨ੍ਹਾਂ ਨੇ ਅੰਮ੍ਰਿਤਸਰ ਵਿਖੇ ਹਰਿਮੰਦਰ ਸਾਹਿਬ (ਗੋਲਡਨ ਟੈਂਪਲ) ਦੀ ਉਸਾਰੀ ਨੂੰ ਪੂਰਾ ਕੀਤਾ। ਉਨ੍ਹਾਂ ਵੱਜੋਂ ਕੀਤੇ ਗਏ ਸਿੱਖ ਧਰਮ ਦੇ ਪ੍ਰਸਾਰ ਨੇ ਮੁਗਲ ਬਾਦਸ਼ਾਹ ਜਹਾਂਗੀਰ ਨੂੰ ਨਾਰਾਜ਼ ਕੀਤਾ ਦੇ ਅਤੇ ਬਾਦਸ਼ਾਹ ਜਹਾਂਗੀਰ ਦੇ ਹੁਕਮ 'ਤੇ ਗੁਰੂ ਅਰਜਨ ਦੇਵ ਜੀ ਨੂੰ ਗ੍ਰਿਫਤਾਰ ਕਰ ਲਿਆ ਗਿਆ । ਗੁਰੂ ਅਰਜਨ ਦੇਵ ਜੀ ਨੂੰ ਪੰਜ ਦਿਨਾਂ ਲਈ ਕੈਦ ਅਤੇ ਕਈ ਤਸੀਹੇ ਦਿੱਤੇ ਗਏ ਪਰ ਜਦੋਂ ਉਹਨਾਂ ਨੇ ਧਰਮ ਪਰਿਵਰਤਨ ਤੋਂ ਇਨਕਾਰ ਕੀਤਾ ਤਾਂ ਉਨ੍ਹਾਂ ਨੂੰ ਸ਼ਹੀਦ ਕਰ ਦਿੱਤਾ ਗਿਆ। ਉਨ੍ਹਾਂ ਦੀ ਸ਼ਹਾਦਤ ਨੇ ਸਿੱਖ ਧਰਮ ਨੂੰ ਹਿੰਦੂ ਅਤੇ ਇਸਲਾਮ ਤੋਂ ਵੱਖਰੇ ਧਰਮ ਵਜੋਂ ਮਜ਼ਬੂਤ ਕਰਨ ਵਿੱਚ ਮਦਦ ਕੀਤੀ।

## ਜਨਮ ਅਤੇ ਸ਼ੁਰੂਆਤੀ ਜੀਵਨ

ਅਰਜਨ ਦੇਵ ਜੀ ਦਾ ਜਨਮ 15 ਅਪ੍ਰੈਲ 1563 ਨੂੰ ਗੋਇੰਦਵਾਲ, ਪੰਜਾਬ ਵਿੱਚ ਹੋਇਆ ਸੀ। ਉਨ੍ਹਾਂ ਦੇ ਪਿਤਾ ਗੁਰੂ ਰਾਮਦਾਸ ਜੀ, ਚੌਥੇ ਸਿੱਖ ਗੁਰੂ ਸਨ, ਅਤੇ ਉਨ੍ਹਾਂ ਦੀ ਮਾਤਾ ਬੀਬੀ ਭਾਨੀ ਜੀ ਸਨ। ਉਹ ਗੁਰੂ ਰਾਮਦਾਸ ਜੀ ਦੇ ਤਿੰਨ ਪੁੱਤਰਾਂ ਵਿੱਚੋਂ ਸਭ ਤੋਂ ਛੋਟੇ ਸਨ। ਉਨ੍ਹਾਂ ਦੇ ਦੋ ਭਰਾ ਸਨ, ਪ੍ਰਿਥੀ ਚੰਦ ਅਤੇ ਮਹਾਦੇਵ। ਅਰਜਨ ਦੇਵ ਜੀ ਨੇ ਆਪਣਾ ਬਚਪਨ ਦਾ ਬਹੁਤਾ ਸਮਾਂ ਆਪਣੇ ਪਿਤਾ ਅਤੇ ਹੋਰ ਗੁਰੂਆਂ ਤੋਂ ਸਿੱਖਿਆ ਲੈਣ ਵਿੱਚ ਬਿਤਾਇਆ। ਉਹ ਗੁਰੂ ਘਰ ਦੇ ਸਾਰੇ ਮਾਮਲਿਆਂ ਦੇ ਸੁਚੱਜੇ ਪ੍ਰਬੰਧ ਲਈ ਜਾਣੇ ਜਾਂਦੇ ਸਨ। ਜਦੋਂ ਉਹ ਸਿਰਫ ਅਠਾਰਾਂ ਸਾਲਾਂ ਦੇ ਸਨ, ਤਾਂ ਉਹਨਾਂ ਨੂੰ ਪੰਜਵੇਂ ਸਿੱਖ ਗੁਰੂ ਵਜੋਂ ਨਿਯੁਕਤ ਕੀਤਾ ਗਿਆ ਸੀ।

## ਵਿਆਹ ਅਤੇ ਪਰਿਵਾਰ

ਗੁਰੂ ਅਰਜਨ ਦੇਵ ਜੀ ਦਾ ਵਿਆਹ 26 ਸਾਲ ਦੀ ਉਮਰ ਵਿੱਚ 1589 ਵਿੱਚ ਮਾਤਾ ਗੰਗਾ ਜੀ ਨਾਲ ਹੋਇਆ ਸੀ। ਉਨ੍ਹਾਂ ਦੇ 1595 ਈ. ਵਿੱਚ ਪੁੱਤਰ ਹਰ ਗੋਬਿੰਦ ਜੀ ਨੇ ਜਨਮ ਲਿਆ।

## ਗੁਰਗੱਦੀ ਮਿਲਣਾ

ਗੁਰੂ ਅਰਜਨ ਦੇਵ ਜੀ ਸਿੱਖ ਧਰਮ ਦੇ ਪੰਜਵੇਂ ਗੁਰੂ ਅਤੇ ਸ਼ਹੀਦ ਹੋਣ ਵਾਲੇ ਪਹਿਲੇ ਸਿੱਖ ਗੁਰੂ ਸਨ। ਉਨ੍ਹਾਂ ਦਾ ਜਨਮ 15 ਅਪ੍ਰੈਲ 1563 ਨੂੰ ਪੰਜਾਬ ਦੇ ਗੋਇੰਦਵਾਲ ਵਿਖੇ ਗੁਰੂ ਰਾਮਦਾਸ ਜੀ ਅਤੇ ਮਾਤਾ ਭਾਨੀ ਜੀ ਦੇ ਘਰ ਹੋਇਆ। ਗੁਰੂ ਅਰਜਨ ਦੇਵ ਜੀ ਆਪਣੇ ਪਿਤਾ ਦੀ ਮੌਤ ਤੋਂ ਬਾਅਦ 18 ਸਾਲ ਦੀ ਉਮਰ ਵਿੱਚ ਸਿੱਖਾਂ ਦੇ ਅਧਿਆਤਮਕ ਆਗੂ ਬਣ ਗਏ। ਉਨ੍ਹਾਂ ਨੇ ਅੰਮ੍ਰਿਤਸਰ ਵਿੱਚ ਹਰਿਮੰਦਰ ਸਾਹਿਬ ਸਮੇਤ ਪੂਜਾ ਦੇ ਨਵੇਂ ਕੇਂਦਰਾਂ ਦੀ ਸਥਾਪਨਾ ਕਰਕੇ ਸਿੱਖ ਭਾਈਚਾਰੇ ਦਾ ਵਿਸਥਾਰ ਕਰਨ ਵਿੱਚ ਮਦਦ ਕੀਤੀ।

ਆਦਿ ਗ੍ਰੰਥ ਦਾ ਸੰਕਲਨ

ਗੁਰ ਅਰਜਨ ਦੇਵ ਜੀ ਨੇ ਸਿੱਖ ਧਰਮ ਦੇ ਪਵਿੱਤਰ ਗ੍ਰੰਥ, ਆਦਿ ਗ੍ਰੰਥ ਦਾ ਸੰਕਲਨ ਕੀਤਾ। ਸੰਕਲਨ ਦਾ ਕੰਮ 1601 ਵਿੱਚ ਸ਼ੁਰੂ ਹੋਇਆ ਅਤੇ ਅਗਸਤ 1604 ਨੂੰ ਪੂਰਾ ਹੋਇਆ। ਕਿਹਾ ਜਾਂਦਾ ਹੈ ਕਿ ਉਨ੍ਹਾਂ ਨੇ "ਨਾਨਕ" ਨਾਮ ਦੇ ਕਲਮੀ ਨਾਮ ਹੇਠ ਬਾਣੀ ਵੀ ਲਿਖੀ ਸੀ। ਗੁਰੂ ਅਰਜਨ ਦੇਵ ਜੀ ਨੇ ਹੇਠ ਲਿਖੀ ਗੁਰਬਾਣੀ ਦੀ ਪੰਗਤੀ ਵਿੱਚ ਆਦਿ ਗ੍ਰੰਥ ਦਾ ਵਰਣਨ ਕੀਤਾ ਹੈ|

## ਹਰਿਮੰਦਰ ਸਾਹਿਬ ਦੀ ਉਸਾਰੀ

ਗੁਰ ਅਰਜਨ ਦੇਵ ਜੀ ਨੇ ਅੰਮ੍ਰਿਤਸਰ ਸ਼ਹਿਰ ਦੀ ਉਸਾਰੀ ਲਈ ਆਪਣੇ ਪਿਤਾ ਦੁਆਰਾ ਸ਼ੁਰੂ ਕੀਤੇ ਕੰਮ ਨੂੰ ਜਾਰੀ ਰੱਖਿਆ ਅਤੇ ਪੂਲ (ਜੋ ਬਾਅਦ ਵਿੱਚ ਹਰਿਮੰਦਰ ਸਾਹਿਬ ਵਜੋਂ ਮਸ਼ਹੂਰ ਹੋਇਆ) ਦਾ ਨਿਰਮਾਣ ਕਰਵਾਇਆ।ਗੁਰ ਅਰਜਨ ਦੇਵ ਜੀ ਨੇ ਹਰਿਮੰਦਰ ਸਾਹਿਬ (ਅੰਮ੍ਰਿਤਸਰ) ਵਿਖੇ ਸਰੋਵਰ ਦੀ ਖੁਦਾਈ ਸਮੇਤ ਕਈ ਨਵੀਆਂ ਪਹਿਲਕਦਮੀਆਂ ਸ਼ੁਰੂ ਕੀਤੀਆਂ, ਜਿਸ ਨੂੰ ਹੁਣ ਹਰਿਮੰਦਰ ਸਾਹਿਬ ਕਿਹਾ ਜਾਂਦਾ ਹੈ। ਹਰਿਮੰਦਰ ਸਾਹਿਬ ਦੇ ਚਾਰ ਦਰਵਾਜ਼ੇ ਹਨ ਅਰਥਾਤ ਹਰ ਦਿਸ਼ਾ ਵਿੱਚ ਇੱਕ ਦਰਵਾਜ਼ਾ: ਉੱਤਰ, ਦੱਖਣ, ਪੂਰਬ, ਪੱਛਮ। ਇਹ ਦਰਸਾਉਂਦਾ ਹੈ ਕਿ ਕਿਸੇ ਵੀ ਜਾਤੀ, ਧਰਮ, ਰੁਤਬੇ ਅਤੇ ਸਮਾਜਿਕ-ਆਰਥਿਕ ਪਿਛੋਕੜ ਵਾਲੇ ਲੋਕ ਮੰਦਰ ਵਿੱਚ ਦਾਖਲ ਹੋ ਸਕਦੇ ਹਨ।

## ਬਾਦਸ਼ਾਹ ਜਹਾਂਗੀਰ ਨਾਲ ਟਕਰਾਅ ਅਤੇ ਸ਼ਹੀਦੀ

ਗੁਰੂ ਅਰਜਨ ਦੇਵ ਜੀ ਨੂੰ ਬਾਦਸ਼ਾਹ ਜਹਾਂਗੀਰ ਨੇ 20 ਮਈ, 1606 ਨੂੰ ਲੋਕਾਂ ਵਿੱਚ ਉਨ੍ਹਾਂ ਦੇ ਵਧਦੇ ਪ੍ਰਭਾਵ ਅਤੇ ਸਿੱਖ ਧਰਮ ਦੇ ਪ੍ਰਸਾਰ ਕਾਰਨ ਅਤੇ ਆਪਣੇ ਬਾਗੀ ਪੁੱਤਰ ਖੁਸਰੋ ਨੂੰ ਜੇਲ੍ਹ ਤੋਂ ਭੱਜਣ ਵਿਚ ਮਦਦ ਕਰਨ ਲਈ ਗ੍ਰਿਫਤਾਰ ਕਰ ਲਿਆ ਸੀ। ਉਨ੍ਹਾਂ ਨੂੰ ਤਸੀਹੇ ਦਿੱਤੇ ਗਏ ਅਤੇ ਇਸਲਾਮ ਕਬੂਲ ਕਰਨ ਲਈ ਕਿਹਾ ਗਿਆ, ਪਰ ਉਨ੍ਹਾਂ ਨੇ ਇਨਕਾਰ ਕਰ ਦਿੱਤਾ। ਫਿਰ ਗੁਰੂ ਜੀ ਨੂੰ ਤੱਤੀ ਤਵੀ (ਲੋਹੇ ਦੀ ਬਲਦੀ ਹੋਈ ਪਲੇਟ) ਤੇ ਬੈਠਣ ਲਈ ਮਜਬੂਰ ਕੀਤਾ ਗਿਆ।

ਲੋਕਾਂ ਨੇ ਆਪ ਜੀ ਦੇ ਸਿਰ ਅਤੇ ਸਰੀਰ ਤੇ ਬਲਦੀ ਰੇਤ ਪਾਈ ਪਰ ਗੁਰੂ ਸਾਹਿਬ ਫੇਰ ਵੀ ਸ਼ਾਂਤ ਰਹੇ ਅਤੇ ਪ੍ਰਭੂ ਨਾਮ ਦਾ ਜਾਪੁ ਕਰਦੇ ਰਹੇ। ਫਿਰ ਗੁਰੂ ਜੀ ਨੂੰ ਰਾਵੀ ਨਦੀ ਵਿੱਚ ਇਸ਼ਨਾਨ ਕਰਨ ਲਈ ਕਿਹਾ ਗਿਆ ਤਾਂ ਜੋ ਉਨ੍ਹਾਂ ਦਾ ਸੜ ਅਤੇ ਛਾਲਿਆਂ ਨਾਲ ਭਰਿਆ ਸਰੀਰ ਦਰਦ ਵਿੱਚ ਹੋਵੇ। ਪਰ ਨਦੀ ਵਿਚ ਇਸ਼ਨਾਨ ਕਰਨ ਤੋਂ ਬਾਅਦ ਗੁਰੂ ਜੀ ਦੀ ਦੇਹ ਨਾ ਮਿਲੀ ਅਤੇ ਉਹ ਜੋਤੀ ਜੋਤਿ ਸਮਾ ਗਏ।

ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੇ ਸਿੱਖ ਧਰਮ ਨੂੰ ਇੱਕ ਵੱਖਰੇ ਧਰਮ ਵਜੋਂ ਮਜ਼ਬੂਤ ਕਰਨ ਵਿੱਚ ਮਦਦ ਕੀਤੀ, ਅਤੇ ਉਹਨਾਂ ਦੀ ਯਾਦ ਨੂੰ ਦੁਨੀਆਂ ਭਰ ਦੇ ਸਿੱਖਾਂ ਦੁਆਰਾ ਸਤਿਕਾਰਿਆ ਜਾਂਦਾ ਹੈ।

ਗੁਰੂ ਅਰਜਨ ਦੇਵ ਜੀ 1606 ਵਿੱਚ ਆਪਣੀ ਸ਼ਹੀਦੀ ਤੱਕ ਗੁਰੂਗੱਦੀ ਵਿੱਚ ਰਹੇ। ਜਹਾਂਗੀਰ ਦੁਆਰਾ ਲਾਹੌਰ ਬੁਲਾਏ ਜਾਣ ਤੋਂ ਪਹਿਲਾਂ ਹੀ, ਅਰਜਨ ਦੇਵ ਨੇ ਆਪਣੇ ਪੁੱਤਰ ਹਰਗੋਬਿੰਦ ਨੂੰ ਆਪਣਾ ਉੱਤਰਾਧਿਕਾਰੀ ਨਿਯੁਕਤ ਕਰ ਦਿੱਤਾ ਸੀ। ਉਹਨਾਂ ਦੇ ਜੋਤੀ ਜੋਤ ਸਮਾਉਣ ਤੋਂ ਬਾਅਦ ਉਹਨਾਂ ਦੇ ਪੁੱਤਰ ਗੁਰੂ ਹਰਗੋਬਿੰਦ ਸਿੰਘ ਜੀ ਸਿੱਖ ਧਰਮ ਦੇ ਛੇਵੇਂ ਗੁਰੂ ਬਣੇ।